ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 23 ਅਗਸਤ 2024 (ਨਾਨਕਸ਼ਾਹੀ ਸੰਮਤ : ੫੫੬, ੮ ਭਾਦਰੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਨਜ਼ਰਬੰਦ ਡਿਬਰੂਗੜ ਜੇਲ੍ਹ ਤੋਂ ਆਇਆ ਸੁਨੇਹਾ



(ਪੜ੍ਹੋ ਪੰਨਾ 2 'ਤੇ)

## ਪੰਜਾਬ ਪੁਲਿਸ ਦਾ ਹੀ ਮੁਲਾਜ਼ਮ ਹੀ ਨਿਕਲਿਆ

# ਅੰਮ੍ਰਿਤਸਰ ਹਵਾਈ ਅੱਡੇ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦੇਣ ਵਾਲਾ

**ਅੰਮ੍ਰਿਤਸਰ, 22 ਅਗਸਤ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ 'ਚ ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡੇ ਰਾਜਾਸਾਂਸੀ 'ਤੇ ਇੰਡੀਗੋ ਏਅਰਲਾਈਨਜ਼ ਦੀ ਫਲਾਈਟ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦੇ ਮਾਮਲੇ 'ਚ ਹੈਰਾਨ ਕਰਨ ਵਾਲਾ ਖੁਲਾਸਾ ਹੋਇਆ ਹੈ। ਪੁਲਿਸ ਨੇ ਮਾਮਲੇ ਦੇ ਦੂਜੇ ਮੁਲਜ਼ਮ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਹੈ।



ਫੜਿਆ ਗਿਆ ਮੁਲਜ਼ਮ ਪੰਜਾਬ ਪੁਲੀਸ ਦਾ ਮੁਲਾਜ਼ਮ ਹੈ। ਪੁਲਿਸ ਨੇ 16 ਅਗਸਤ ਨੂੰ ਫ਼ਿਰੋਜ਼ਪੁਰ ਤੋਂ ਇੱਕ ਮੁਲਜ਼ਮ ਗੁਰਦੇਵ ਸਿੰਘ ਨੂੰ ਏਅਰਪੋਰਟ 'ਤੇ ਇੰਡੀਗੋ ਦੀ ਉਡਾਣ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦੇਣ ਅਤੇ 1 ਕਰੋੜ ਰੁਪਏ ਦੀ ਫਿਰੌਤੀ ਮੰਗਣ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਸੀ, ਜਿਸ ਦੌਰਾਨ ਉਸ ਦੇ ਅਤੇ ਉਸ ਦੇ ਸਾਥੀਆਂ ਦੇ ਨਾਮ ਵੀ ਸਾਹਮਣੇ ਆਏ ਸਨ। ਫੜੇ ਗਏ ਮੁਲਜ਼ਮ ਦੀ ਪਛਾਣ ਵਿਕਰਮਜੀਤ ਸਿੰਘ ਉਰਫ ਵਿੱਕੀ ਵਜੋਂ ਹੋਈ ਹੈ, ਜੋ ਪੰਜਾਬ ਪੁਲੀਸ ਦਾ ਦਰਜਾ ਚਾਰ ਮੁਲਾਜ਼ਮ ਹੈ। ਪੁਲੀਸ ਮੁਤਾਬਕ ਮੁਲਜ਼ਮਾਂ ਨੇ ਜਲਦੀ ਅਮੀਰ ਬਣਨ ਦੀ ਸਾਜ਼ਿਸ਼ ਰਚੀ ਸੀ। ਥਾਣਾ ਏਅਰਪੋਰਟ ਦੀ ਪੁਲਿਸ ਨੇ ਪੰਜਾਬ ਪੁਲਿਸ ਦੇ ਚਾਰ ਮੁਲਾਜ਼ਮਾਂ ਵਿਕਰਮਜੀਤ ਸਿੰਘ ਉਰਫ ਵਿੱਕੀ ਨੂੰ ਪੁਲਿਸ ਲਾਈਨ ਫਿਰੋਜ਼ਪੁਰ ਤੋਂ ਕਾਬੂ ਕੀਤਾ ਹੈ। ਇਸ ਮਾਮਲੇ 'ਚ ਹੁਣ ਤੱਕ ਦੋ ਲੋਕਾਂ ਨੂੰ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ। ਪੁਲਿਸ ਵੱਲੋਂ ਹੋਰ ਲੋਕਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਜਾਰੀ ਹੈ। ਸ਼ੁਭਮ ਕਪੂਰ ਅਸਿਸਟੈਂਟ ਮੈਨੇਜਰ ਸਕਿਓਰਿਟੀ ਇੰਡੀਗੋ ਏਅਰਲਾਈਨ ਨੇ ਪੁਲਿਸ ਨੂੰ ਦੱਸਿਆ ਕਿ ਉਨ੍ਹਾਂ ਦੀ ਏਅਰਲਾਈਨ ਨੂੰ ਇੱਕ ਈਮੇਲ ਮਿਲੀ ਸੀ। 14 ਅਗਸਤ ਨੂੰ ਮਿਲੀ ਈਮੇਲ 'ਚ ਕਿਹਾ ਗਿਆ ਸੀ ਕਿ ਇੰਡੀਗੋ ਏਅਰਲਾਈਨਜ਼ ਦੇ ਜਹਾਜ਼ 'ਤੇ ਹਵਾਈ ਅੱਡੇ 'ਤੇ ਬੰਬ ਸੁੱਟਿਆ ਜਾਵੇਗਾ। ਮੇਲ 'ਚ ਕਿਹਾ ਗਿਆ ਸੀ ਕਿ ਹਵਾਈ ਅੱਡੇ 'ਤੇ ਵੱਖ-ਵੱਖ ਥਾਵਾਂ 'ਤੇ ਬੰਬ ਲਗਾਏ ਗਏ ਸਨ। ਉਸ ਨੂੰ 1 ਕਰੋੜ ਰੁਪਏ ਦਿੱਤੇ ਜਾਣ ਨਹੀਂ ਤਾਂ ਉਹ ਬੰਬ ਧਮਾਕੇ ਕਰੇਗਾ। ਇਸ ਤੋਂ ਪਹਿਲਾਂ ਏਅਰਲਾਈਨ ਵੱਲੋਂ ਆਪਣੇ ਪੱਧਰ 'ਤੇ ਇਸ ਮਾਮਲੇ ਦੀ ਜਾਂਚ ਕੀਤੀ ਗਈ ਸੀ। ਬਾਅਦ ਵਿੱਚ 16 ਅਗਸਤ ਨੂੰ ਪੁਲੀਸ ਨੂੰ ਲਿਖਤੀ ਸ਼ਿਕਾਇਤ ਦਿੱਤੀ ਗਈ। ਏਅਰਪੋਰਟ ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## 'ਕੰਗਨਾ ਰਣੌਤ ਨੇ ਆਪਣੇ ਫਿਲਮ 'ਚ ਸੰਤ ਭਿੰਡਰਾਵਾਲਿਆਂ ਨੂੰ 'ਅੱਤਵਾਦੀ' ਦਿਖਾਇਆ, ਧਾਰਾ 295 ਤਹਿਤ ਦਰਜ ਹੋਵੇਗਾ ਕੇਸ !

**ਅੰਮ੍ਰਿਤਸਰ, 22 ਅਗਸਤ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਪ੍ਰਦੇਸ਼ ਦੇ ਮੰਡੀ ਤੋਂ ਭਾਜਪਾ ਸੰਸਦ ਮੈਂਬਰ ਅਤੇ ਬਾਲੀਵੁੱਡ ਅਦਾਕਾਰਾ ਕੰਗਨਾ ਰਣੌਤ ਦੀ ਨਵੀਂ ਫਿਲਮ ਐਮਰਜੈਂਸੀ ਦੇ ਰਿਲੀਜ਼ ਹੋਣ ਤੋਂ ਪਹਿਲਾਂ ਹੀ ਪੰਜਾਬ ਵਿੱਚ ਵਿਰੋਧ ਪ੍ਰਦਰਸ਼ਨ ਸ਼ੁਰੂ ਹੋ ਗਏ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸ.ਜੀ.ਪੀ.ਸੀ.) ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਫਿਲਮ 'ਐਮਰਜੈਂਸੀ' 'ਤੇ ਤੁਰੰਤ ਪਾਬੰਦੀ ਲਾਉਣ ਦੀ ਮੰਗ ਕੀਤੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਫਿਲਮ ਵਿੱਚ ਸਿੱਖਾਂ ਦੇ ਕਿਰਦਾਰ ਨੂੰ ਗਲਤ ਤਰੀਕੇ ਨਾਲ ਪੇਸ਼ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਅਭਿਨੇਤਰੀ ਕੰਗਨਾ ਰਣੌਤ ਜੋ ਕਿ ਆਪਣੇ ਸਿੱਖ ਵਿਰੋਧੀ ਅਤੇ ਪੰਜਾਬ ਵਿਰੋਧੀ ਬਿਆਨਾਂ ਕਾਰਨ ਵਿਵਾਦਾਂ ਵਿੱਚ ਘਿਰੀ ਹੋਈ ਹੈ, ਨੇ ਜਾਣਬੁੱਝ ਕੇ ਸਿੱਖਾਂ ਨੂੰ ਗਲਤ ਤਰੀਕੇ ਨਾਲ ਪੇਸ਼ ਕਰਨ ਦੀ ਨੀਅਤ ਨਾਲ ਇਹ ਫਿਲਮ ਬਣਾਈ ਹੈ, ਜਿਸ ਨੂੰ ਸਿੱਖ ਕੌਮ ਬਰਦਾਸ਼ਤ ਨਹੀਂ ਕਰ ਸਕਦੀ। ਉਨ੍ਹਾਂ ਨੇ ਕੰਗਨਾ ਰਣੌਤ ਖਿਲਾਫ ਧਾਰਮਿਕ ਭਾਵਨਾਵਾਂ ਭੜਕਾਉਣ ਦਾ ਮਾਮਲਾ ਦਰਜ ਕਰਨ ਦੀ ਮੰਗ ਕੀਤੀ ਹੈ। ਜਥੇ. ਧਾਮੀ ਨੇ ਕਿਹਾ ਕਿ 1984 ਦੇ ਸ਼ਹੀਦਾਂ ਬਾਰੇ ਸਿੱਖ ਵਿਰੋਧੀ ਕਹਾਣੀ ਰਚ ਕੇ ਦੇਸ਼ ਦਾ ਅਪਮਾਨ ਕਰਨਾ ਘਿਨਾਉਣੀ ਕਾਰਵਾਈ ਹੈ। 1984 ਦੇ ਸਿੱਖ ਕਤਲੇਆਮ ਨੂੰ ਦੇਸ਼ ਕਦੇ ਨਹੀਂ ਭੁੱਲ ਸਕਦਾ ਅਤੇ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਕੌਮੀ ਸ਼ਹੀਦ ਐਲਾਨਿਆ ਗਿਆ ਹੈ, ਜਦੋਂ ਕਿ ਕੰਗਨਾ ਰਣੌਤ ਦੀ ਫਿਲਮ ਉਨ੍ਹਾਂ ਦੇ ਕਿਰਦਾਰ ਨੂੰ ਮਾਰਨ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਕੰਗਨਾ ਰਣੌਤ ਕਈ ਵਾਰ ਜਾਣਬੁੱਝ ਕੇ ਸਿੱਖਾਂ ਦੀਆਂ ਭਾਵਨਾਵਾਂ ਨੂੰ ਭੜਕਾਉਣ ਵਾਲੇ ਪ੍ਰਗਟਾਵੇ ਕਰਦੀ ਰਹੀ ਹੈ ਪਰ ਸਰਕਾਰ ਉਸ ਵਿਰੁੱਧ ਕਾਰਵਾਈ ਕਰਨ ਦੀ ਬਜਾਏ ਉਸ ਨੂੰ ਬਚਾ ਰਹੀ ਹੈ। ਜਥੇ. ਧਾਮੀ ਨੇ ਕਿਹਾ ਕਿ ਐਮਰਜੈਂਸੀ ਫਿਲਮ ਦੇ ਰਿਲੀਜ਼ ਹੋਏ ਅੰਸ਼ਾਂ ਤੋਂ ਸਪੱਸ਼ਟ ਹੈ ਕਿ ਇਸ ਵਿਚ ਸਿੱਖਾਂ ਦੇ ਕਿਰਦਾਰ ਨੂੰ ਜਾਣਬੁੱਝ ਕੇ ਅੱਤਵਾਦੀ ਵਜੋਂ ਪੇਸ਼ ਕੀਤਾ ਗਿਆ ਹੈ, ਜੋ ਕਿ ਇਕ ਡੂੰਘੀ ਸਾਜ਼ਿਸ਼ ਦਾ ਹਿੱਸਾ ਹੈ।



## ਕਿਸਾਨਾਂ ਨੂੰ ਸ਼ੰਭੂ ਬਾਰਡਰ ਤੋਂ ਟਰੈਕਟਰ ਹਟਾਉਣ ਲਈ ਰਾਜੀ ਕਰਨ ਸਰਕਾਰਾਂ : SC

**ਨਵੀਂ ਦਿੱਲੀ, 22 ਅਗਸਤ (ਆਵਾਜ਼ਿ ਕੌਮ ਬਿਊਰੋ)**-ਸੁਪਰੀਮ ਕੋਰਟ ਨੇ ਵੀਰਵਾਰ ਨੂੰ ਕਿਹਾ ਕਿ ਉਹ ਕਿਸਾਨਾਂ ਦੀਆਂ ਸ਼ਿਕਾਇਤਾਂ ਦੇ ਹੱਲ ਲਈ ਜਲਦੀ ਇਕ ਬਹੁ-ਮੈਂਬਰੀ ਕਮੇਟੀ ਦਾ ਗਠਨ ਕਰੇਗੀ। ਸੁਪਰੀਮ ਕੋਰਟ ਨੇ ਸ਼ੰਭੂ ਬਾਰਡਰ 'ਤੇ ਜਾਮ ਲਗਾਉਣ ਦੇ ਮਾਮਲੇ 'ਚ ਕਿਹਾ ਕਿ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਨਾਲ ਗੱਲਬਾਤ ਲਈ ਉਹ ਇਕ ਹਫ਼ਤੇ ਦੇ ਅੰਦਰ ਕਮੇਟੀ ਦਾ ਗਠਨ ਕਰੇਗੀ, ਤਾਂ ਜੋ ਨਿਰਪੱਖ ਅਤੇ ਨਿਆਂਪੂਰਨ ਢੰਗ ਨਾਲ ਮੁੱਦੇ ਨੂੰ ਸੁਲਝਾਇਆ ਜਾ ਸਕੇ। ਜਸਟਿਸ ਸੂਰਿਆ ਕਾਂਤ, ਜਸਟਿਸ ਦੀਪਾਂਕਰ ਦੱਤਾ ਅਤੇ ਜਸਟਿਸ ਉੱਜਲ ਭੁਈਆ ਦੀ ਬੈਂਚ ਨੇ ਮਾਮਲੇ ਦੀ ਅਗਲੀ ਸੁਣਵਾਈ ਲਈ 2 ਸਤੰਬਰ ਦੀ ਤਾਰੀਖ਼ ਤੈਅ ਕੀਤੀ ਹੈ। ਇਸ ਦੇ ਨਾਲ ਹੀ ਸੁਪਰੀਮ ਕੋਰਟ ਨੇ ਪੰਜਾਬ ਅਤੇ ਹਰਿਆਣਾ ਦੀਆਂ ਸਰਕਾਰਾਂ ਨੂੰ ਕਿਸਾਨਾਂ ਦੇ ਸੰਭਾਵਿਤ ਮੁੱਦਿਆਂ ਦੀ ਜਾਣਕਾਰੀ ਕਮੇਟੀ ਨੂੰ ਦੇਣ ਲਈ ਕਿਹਾ। ਪੰਜਾਬ ਸਰਕਾਰ ਨੇ ਸੁਪਰੀਮ ਕੋਰਟ ਨੂੰ ਸੂਚਿਤ ਕੀਤਾ ਕਿ 12 ਅਗਸਤ ਦੇ ਆਦੇਸ਼ ਦਾ ਪਾਲਣ ਕਰਦਿਆਂ ਉਸ ਨੇ ਪ੍ਰਦਰਸ਼ਨਕਾਰੀ ਕਿਸਾਨਾਂ ਨਾਲ ਬੈਠਕ ਕੀਤੀ, ਜੋ ਕਿ ਬੇਨਤੀਜਾ ਰਹੀ। ਬੈਂਚ ਨੇ ਪੰਜਾਬ ਅਤੇ ਹਰਿਆਣਾ ਦੀਆਂ ਸਰਕਾਰਾਂ ਨੂੰ ਕਿਹਾ ਕਿ ਉਹ ਪ੍ਰਦਰਸ਼ਨਕਾਰੀ ਕਿਸਾਨਾਂ ਨਾਲ ਗੱਲਬਾਤ ਕਰਦੇ ਰਹਿਣ ਅਤੇ ਉਨ੍ਹਾਂ ਨੂੰ ਹਾਈਵੇਅ ਤੋਂ ਆਪਣੇ ਟਰੈਕਟਰ ਅਤੇ ਟਰਾਲੀਆਂ ਹਟਾਉਣ ਲਈ ਰਾਜੀ ਕਰਨ। ਅਗਲੀ ਸੁਣਵਾਈ ਨੂੰ ਇਸ ਦੇ ਨਤੀਜਿਆਂ ਤੋਂ ਜਾਣੂ ਕਰਵਾਉਣ। ਅਦਾਲਤ ਨੇ ਪੰਜਾਬ ਸਰਕਾਰ ਨੂੰ ਤਿੰਨ ਦਿਨਾਂ ਦੇ ਅੰਦਰ ਕਮੇਟੀ ਦੇ ਗਠਨ ਲਈ ਹੋਰ ਨਾਂ ਸੁਝਾਉਣ ਲਈ ਕਿਹਾ ਹੈ। ਦਰਅਸਲ ਸੁਪਰੀਮ ਕੋਰਟ ਪੰਜਾਬ ਅਤੇ ਹਰਿਆਣਾ ਸੂਬਿਆਂ ਦਰਮਿਆਨ ਸ਼ੰਭੂ ਬਾਰਡਰ ਖੋਲ੍ਹਣ ਦੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਨਿਰਦੇਸ਼ ਖਿਲਾਫ਼ ਹਰਿਆਣਾ ਦੀ ਪਟੀਸ਼ਨ 'ਤੇ ਸੁਣਵਾਈ ਕਰ ਰਿਹਾ ਸੀ। ਇਸ ਤੋਂ ਪਹਿਲਾਂ ਸੁਪਰੀਮ ਕੋਰਟ ਨੇ 12 ਅਗਸਤ ਨੂੰ ਪੰਜਾਬ ਸਰਕਾਰ ਨੂੰ ਕਿਹਾ ਸੀ ਕਿ ਉਹ 13 ਫਰਵਰੀ ਤੋਂ ਸ਼ੰਭੂ ਬਾਰਡਰ 'ਤੇ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਨੂੰ ਹਟਾਇਆ ਜਾਵੇ ਅਤੇ ਬਾਰਡਰ ਖੋਲ੍ਹਿਆ ਜਾਵੇ। ਅਦਾਲਤ ਨੇ ਕਿਹਾ ਸੀ ਕਿ ਹਾਈਵੇਅ ਕੋਈ ਪਾਰਕਿੰਗ ਵਾਲੀ ਥਾਂ ਨਹੀਂ ਹੈ। ਕਿਸਾਨਾਂ ਦੇ ਵਿਰੋਧ ਪ੍ਰਦਰਸ਼ਨ ਕਾਰਨ ਇਸ ਸਾਲ ਫਰਵਰੀ ਵਿਚ ਸਰਹੱਦ ਬੰਦ ਕਰ ਦਿੱਤੀ ਗਈ ਸੀ। ਕਿਸਾਨਾਂ ਵਲੋਂ ਫ਼ਸਲਾਂ ਲਈ ਘੱਟ ਤੋਂ ਘੱਟ ਸਮਰਥਨ ਮੁੱਲ (MSP) ਦੀ ਕਾਨੂੰਨੀ ਗਰੰਟੀ ਦੀ ਮੰਗ ਕੀਤੀ ਜਾ ਰਹੀ ਹੈ। ਸ਼ੰਭੂ ਬਾਰਡਰ 'ਤੇ ਪ੍ਰਦਰਸ਼ਨਕਾਰੀ ਕਿਸਾਨਾਂ ਨੇ 13 ਫਰਵਰੀ ਤੋਂ ਡੇਰੇ ਲਾਏ ਹੋਏ ਹਨ।



## ਸੁਖਬੀਰ ਸਿੰਘ ਬਾਦਲ ਵੱਲੋਂ ਜਾਣਬੁੱਝ ਕੇ ਕੀਤੀਆਂ ਗਲਤੀਆਂ ਮੁਆਫ਼ੀਯੋਗ ਨਹੀਂ : ਸਿੰਘ ਸਾਹਿਬ

### ਬਾਦਲ ਪਰਿਵਾਰ ਖਾਲਸਾ ਰਾਜ ਦੇ ਰਾਹ ਵਿੱਚ ਬਣਿਆ ਵੱਡਾ ਅੜਿੱਕਾ

**ਜਲੰਧਰ, 22 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਨੇ ਕਿਹਾ ਹੈ ਕਿ ਪਹਿਲਾਂ ਪ੍ਰਕਾਸ਼ ਸਿੰਘ ਬਾਦਲ ਅਤੇ ਸੁਖਬੀਰ ਸਿੰਘ ਬਾਦਲ ਵੱਲੋਂ ਆਪਣੇ ਨਿੱਜੀ ਸਿਆਸੀ ਹਿੱਤਾਂ ਲਈ ਸਿੱਖ ਸਿਧਾਂਤਾਂ ਨਾਲ ਖਿਲਵਾੜ ਜਾਣਬੁੱਝ ਕੇ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜਾਣਬੁੱਝ ਕੇ ਭਾਵ ਸਭ ਕੁੱਝ ਜਾਣਦਿਆਂ ਹੋਇਆ ਵੱਡੀਆਂ ਗਲਤੀਆਂ ਕਰਨਾ ਕਦੇ ਵੀ ਮੁਆਫ਼ੀਯੋਗ ਨਹੀਂ ਹੁੰਦੀਆਂ। ਸਿੱਖ ਇਤਿਹਾਸ ਗਵਾਹ ਹੈ ਕਿ ਸਿੱਖ ਪੰਥ ਅਤੇ ਸਿੱਖ ਸਿਧਾਂਤਾਂ ਨਾਲ ਖਿਲਵਾੜ ਕਰਨ ਵਾਲਿਆਂ ਨੂੰ ਗੁਰੂ ਕਾਲ ਤੋਂ ਲੈ ਕੇ ਅੱਜ ਤੱਕ ਕਦੇ ਵੀ ਬਖਸ਼ਿਆ ਨਹੀਂ ਗਿਆ ਹੈ। ਬੰਗਾ-ਗੜ੍ਹਸ਼ੰਕਰ ਰੋਡ 'ਤੇ ਪਿੰਡ ਚੌੜਾ ਡਘਾਮ ਕੋਟ ਪੱਲੀਆਂ ਵਿਖੇ ਸ਼ਹੀਦ ਬਾਬਾ ਬੇਅੰਤ ਸਿੰਘ ਦੀ ਬਰਸੀ ਸਬੰਧ ਹੋਏ ਮਹਾਨ ਗੁਰਮਤਿ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਸਿੰਘ ਸਾਹਿਬ ਨੇ ਕਿਹਾ ਕਿ ਬਾਬਾ ਬਕਾਲਾ ਦੀ ਪਵਿੱਤਰ ਧਰਤੀ 'ਤੇ ਸੁਖਬੀਰ ਸਿੰਘ ਬਾਦਲ ਅਤੇ ਗੁਰਦੀਪ ਸਿੰਘ ਖੈੜਾ ਨੇ ਜੋ ਕੁਝ ਵੀ ਬੋਲਿਆ ਹੈ, ਸਮੁੱਚਾ ਸਿੱਖ ਪੰਥ ਜਾਣਦਾ ਹੈ ਕਿ ਉਹ ਸਾਰਾ ਸਿਰੇ ਦਾ ਝੂਠ ਹੈ। ਸਿੰਘ ਸਾਹਿਬ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੇ ਖੁਦ ਆਪਣੇ ਗੁਨਾਹ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਪੇਸ਼ ਹੋ ਕੇ ਸਵੀਕਾਰ ਕੀਤੇ ਹਨ। ਇਸ ਦੇ ਬਾਵਜੂਦ ਉਹ ਫਿਰ ਇਤਿਹਾਸਕ ਧਾਰਮਿਕ ਅਸਥਾਨਾਂ 'ਤੇ ਜਾ ਕੇ ਝੂਠ ਬੋਲ ਕੇ ਹੋਰ ਵੱਡੇ ਗੁਨਾਹ ਕਰਦਾ ਜਾ ਰਿਹਾ ਹੈ। ਭਾਈ ਗੁਰਦੀਪ ਸਿੰਘ ਖੈੜਾ ਬਾਰੇ ਸਿੰਘ ਸਾਹਿਬ ਨੇ ਕਿਹਾ ਕਿ ਉਸ ਨੇ ਅਨੇਕਾਂ ਵਾਰ ਅਖਬਾਰਾਂ, ਟੀਵੀ ਚੈਨਲਾਂ ਨੂੰ ਦਿੱਤੀਆਂ ਇੰਟਰਵਿਊਆਂ ਵਿੱਚ ਜੋ ਕੁਝ ਵੀ ਪਹਿਲਾਂ ਬੋਲਿਆ ਹੈ, ਬਾਬਾ ਬਕਾਲਾ ਵਿਖੇ ਉਸ ਦੇ ਬਿਲਕੁਲ ਉਲਟ ਬੋਲਿਆ ਹੈ। ਸਮਾਂ ਆਉਣ 'ਤੇ ਉਸ ਨੂੰ ਵੀ ਸਿੱਖ ਪੰਥ ਅੱਗੇ ਜਵਾਬਦੇਹ ਹੋਣਾ ਪਵੇਗਾ।



ਆਵਾਜ਼ਿ ਕੌਮ
AWAZE QAUM
International Newspaper & WEB TV

## ਕੰਗਨਾ ਦੀ ਵਿਵਾਦਿਤ ਫ਼ਿਲਮ 'ਐਮਰਜੈਂਸੀ' 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਲਿਆ ਸਖ਼ਤ ਨੋਟਿਸ

**ਅੰਮ੍ਰਿਤਸਰ, 22 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਕੰਗਨਾ ਰਣੌਤ ਦੀ ਆਉਣ ਵਾਲੀ ਵਿਵਾਦਤ ਫਿਲਮ 'ਐਮਰਜੈਂਸੀ' ਵਿਚ ਸਿੱਖਾਂ ਦੇ ਅਕਸ ਨੂੰ ਵੱਖਵਾਦੀ ਵਜੋਂ ਪੇਸ਼ ਕਰਨ ਦਾ ਸਖ਼ਤ ਨੋਟਿਸ ਲਿਆ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਆਖਿਆ ਕਿ ਸਿੱਖ ਆਪਣੇ ਸ਼ਹੀਦਾਂ-ਮੁਰੀਦਾਂ ਦੀ ਫ਼ਿਲਮਾਂ ਵਿਚ ਨਕਲ ਨੂੰ ਕਦੇ ਵੀ ਬਰਦਾਸ਼ਤ ਨਹੀਂ ਕਰ ਸਕਦੇ। ਉਨ੍ਹਾਂ ਕਿਹਾ ਕਿ ਕੰਗਨਾ ਰਣੌਤ ਦੀ ਆਉਣ ਵਾਲੀ ਫ਼ਿਲਮ 'ਐਮਰਜੈਂਸੀ' ਵਿਚ ਸਿੱਖਾਂ ਦੇ ਵੀਹਵੀਂ ਸਦੀ ਦੇ ਕਿਰਦਾਰ ਨੂੰ ਵਿਗਾੜ ਕੇ ਪੇਸ਼ ਕੀਤਾ ਗਿਆ ਹੈ। ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਕਿਹਾ ਕਿ ਇਕ ਪਾਸੇ 1980-90 ਦੇ ਦਹਾਕੇ ਦੌਰਾਨ ਸਰਕਾਰ ਵਲੋਂ ਹਜ਼ਾਰਾਂ ਸਿੱਖ ਨੌਜਵਾਨਾਂ ਨੂੰ ਝੂਠੇ ਪੁਲਸ ਮੁਕਾਬਲਿਆਂ ਵਿਚ ਮਾਰ ਕੇ ਅਣਪਛਾਤੀਆਂ ਲਾਸ਼ਾਂ ਆਖ ਕੇ ਖੁਰਦ-ਬੁਰਦ ਕਰਨ ਦੇ ਅਣਮਨੁੱਖੀ ਵਰਤਾਰੇ ਨੂੰ ਬੇਪਰਦ ਕਰਨ ਵਾਲੇ ਮਨੁੱਖੀ ਅਧਿਕਾਰਾਂ ਦੇ ਕਾਰਕੁੰਨ ਸ. ਜਸਵੰਤ ਸਿੰਘ ਖਾਲੜਾ ਦੇ ਜੀਵਨ 'ਤੇ ਬਣੀ ਫਿਲਮ ਵਿਚ 80 ਤੋਂ ਵੱਧ ਕੱਟ ਲਗਾਉਣ ਤੋਂ ਬਾਅਦ ਵੀ ਭਾਰਤੀ ਸੈਂਸਰ ਬੋਰਡ ਵਲੋਂ ਉਸ ਨੂੰ ਜਾਰੀ ਕਰਨ ਦੀ ਪ੍ਰਵਾਨਗੀ ਨਹੀਂ ਦਿੱਤੀ ਜਾ ਰਹੀ, ਜਦਕਿ 1947 ਦੀ ਵੰਡ ਤੋਂ ਬਾਅਦ ਭਾਰਤੀ ਹਕੂਮਤਾਂ ਵਲੋਂ ਸਿੱਖਾਂ ਨਾਲ ਕੀਤੀਆਂ ਬੇਇਨਸਾਫੀਆਂ ਅਤੇ ਸਿੱਖਾਂ ਵਲੋਂ ਆਪਣੇ ਹੱਕਾਂ ਦੀ ਆਵਾਜ਼ ਉਠਾਉਣ ਦੇ ਬਦਲੇ ਵਿਚ ਭਾਰਤ ਸਰਕਾਰ ਵਲੋਂ ਜੂਨ 1984 ਵਿਚ ਸ੍ਰੀ ਦਰਬਾਰ ਸਾਹਿਬ 'ਤੇ ਕੀਤੇ ਕਹਿਰੀ ਹਮਲੇ ਦੇ ਸੰਦਰਭ ਨੂੰ ਅੱਖੋਂ-ਪਰੋਖੇ ਕਰ ਕੇ ਸਿੱਖ ਕੌਮ ਬਾਰੇ ਗਲਤ ਤੱਥ ਪੇਸ਼ ਕਰਨ ਵਾਲੀ 'ਐਮਰਜੈਂਸੀ' ਫਿਲਮ ਨੂੰ ਪ੍ਰਵਾਨਗੀ ਦੇ ਕੇ ਸਿੱਧੇ ਤੌਰ 'ਤੇ ਸਿੱਖਾਂ ਦੀਆਂ ਭਾਵਨਾਵਾਂ ਭੜਕਾਉਣ ਵਾਲੇ ਹਾਲਾਤ ਬਣਾਏ ਜਾ ਰਹੇ ਹਨ। ਉਨ੍ਹਾਂ ਸਖ਼ਤ ਲਹਿਜੇ 'ਚ ਕਿਹਾ ਕਿ ਜੇਕਰ ਸਰਕਾਰ ਨੇ ਤੁਰੰਤ 'ਐਮਰਜੈਂਸੀ' ਫਿਲਮ ਵਿਚਲੇ ਇਤਰਾਜ਼ਯੋਗ ਅਤੇ ਸਿੱਖਾਂ ਦੇ ਅਕਸ ਤੇ ਇਤਿਹਾਸ ਦੀ ਗ਼ਲਤ ਪੇਸ਼ਕਾਰੀ ਕਰਨ ਵਾਲੇ ਦ੍ਰਿਸ਼ਾਂ ਨੂੰ ਨਾ ਹਟਾਇਆ ਤਾਂ ਨਿਕਲਣ ਵਾਲੇ ਕਿਸੇ ਵੀ ਤਰ੍ਹਾਂ ਦੇ ਸਿੱਟਿਆਂ ਦੀ ਜ਼ਿੰਮੇਵਾਰ ਸਿੱਧੇ ਤੌਰ 'ਤੇ ਸਰਕਾਰ ਹੋਵੇਗੀ।



# ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਨਜ਼ਰਬੰਦ ਡਿਬਰੂਗੜ੍ਹ ਜੇਲ੍ਹ ਤੋਂ ਆਇਆ

# ਸੁਨੇਹਾ

**ਗੁਰੂ ਰੂਪ ਗੁਰੂ ਪਿਆਰੀ ਸਾਧ ਸੰਗਤ ਜੀ**
**ਫ਼ਤਿਹ ਪ੍ਰਵਾਨ ਕਰੋ**
**ਵਾਹਿਗੁਰੂ ਜੀ ਕਾ ਖ਼ਾਲਸਾ॥ ਵਾਹਿਗੁਰੂ ਜੀ ਕੀ ਫ਼ਤਿਹ॥**

ਗੁਰੂ ਸਾਹਿਬ ਦੀ ਕਿਰਪਾ ਸਦਕਾ ਮੈਂ ਚੜ੍ਹਦੀ ਕਲਾ ਵਿੱਚ ਹਾਂ ਅਤੇ ਨਾਲ ਦੇ ਸਾਰੇ ਸਿੰਘ ਵੀ ਚੜ੍ਹਦੀ ਕਲਾ ਵਿੱਚ ਹਨ। ਬੇਸ਼ੱਕ ਸਾਡਾ ਸਰੀਰ ਪੰਜਾਬ ਤੋਂ ਹਜ਼ਾਰਾਂ ਮੀਲ ਦੂਰ ਅਸਾਮ ਚ ਕੈਦ ਹੈ, ਪਰ ਸਾਡੀ ਆਤਮਾ ਪੰਜਾਬ ਵਿੱਚ ਹੈ ਤੇ ਕਦੇ ਪੰਜਾਬ ਤੋਂ ਜੁਦਾ ਨਹੀਂ ਹੋ ਸਕਦੀ। ਜਦੋਂ ਦਾ ਮੈਂ ਪੰਜਾਬ ਦੀ ਧਰਤੀ ਤੇ ਪੈਰ ਧਰਿਆ, ਓਸ ਦਿਨ ਤੋਂ ਹੀ ਸੰਗਤ ਨੇ ਮੈਨੂੰ ਮਣਾਂ ਮੂੰਹੀਂ ਪਿਆਰ ਬਖ਼ਸ਼ਿਆ, ਤੇ ਉਸ ਪਿਆਰ ਦਾ ਮੇਰਾ ਰੋਮ ਰੋਮ ਰਿਣੀ ਹੈ, ਮੇਰੇ ਉੱਪਰ ਸਿੱਖ ਕੌਮ ਦਾ ਐਸਾ ਕਰਜ਼ਾ ਹੈ ਜੋ ਮੈਂ ਹਜ਼ਾਰਾਂ ਜਨਮ ਲੈ ਕੇ ਵੀ ਕੌਮ ਦੀ ਸੇਵਾ ਕਰਕੇ ਨਹੀਂ ਉਤਾਰ ਸਕਦਾ। ਜਦੋਂ ਅਸੀਂ ਪੁਲਿਸ ਦੇ ਘੇਰੇ ਵਿੱਚੋਂ ਨਿਕਲੇ ਤੇ ਜਿਸ ਘਰ ਦਾ ਵੀ ਕੁੰਡਾ ਖੜਕਾਇਆ, ਉਹਨਾਂ ਪਰਿਵਾਰਾਂ ਨੇ ਆਪਣੀ ਜਾਨ ਤੇ ਖੇਡ ਕੇ ਸਾਨੂੰ ਪਨਾਹ ਦਿੱਤੀ, ਤੇ ਸਤਿਗੁਰੂ ਦੀ ਐਸੀ ਕਿਰਪਾ ਰਹੀ ਕਿ ਉਸ ਨੇ ਇੱਕ ਪਲ ਲਈ ਵੀ ਨਹੀਂ ਡੋਲਣ ਦਿੱਤਾ। ਅਸੀਂ ਬਹੁਤ ਚੰਗੇ ਮਾੜੇ ਸਮੇਂ ਵੇਖੇ, ਪਰ ਸਦਾ ਕਲਗ਼ੀਧਰ ਪਾਤਸ਼ਾਹ ਨੂੰ ਯਾਦ ਕੀਤਾ। ਉਸ ਸਮੇਂ ਮੇਰੇ ਅੱਗੇ ਇਸ ਮੁਲਕ ਨੂੰ ਛੱਡ ਕੇ ਬਾਹਰ ਜਾਣ ਦੇ ਸਾਰੇ ਰਾਹ ਖੁੱਲ੍ਹੇ ਸਨ, ਪਰ ਮੇਰੀ ਜ਼ਮੀਰ ਨੇ ਇਸ ਗੱਲ ਨੂੰ ਸੋਚਣਾ ਵੀ ਗਵਾਰਾ ਨਾ ਸਮਝਿਆ। ਆਪਣੀ ਧਰਤੀ, ਆਪਣੇ ਲੋਕ, ਤੇ ਆਪਣੇ ਸਿੰਘਾਂ ਨੂੰ ਛੱਡ ਕੇ ਜਾਣ ਨਾਲੋਂ ਮੈਨੂੰ ਓਸ ਦਿਨ ਵੀ ਮਰਨਾ ਪਰਵਾਨ ਸੀ ਤੇ ਅੱਜ ਵੀ ਪਰਵਾਨ ਹੈ।



ਓਸ ਔਖੀ ਘੜੀ 'ਚ ਬਹੁਤ ਗੱਲਾਂ ਦੀ ਪਰਖ ਹੋਈ, ਜਿਨ੍ਹਾਂ ਤੋਂ ਮੈਨੂੰ ਆਸ ਸੀ, ਉਹਨਾਂ ਨੇ ਮੇਰੇ ਲਈ ਦਰਵਾਜ਼ੇ ਬੰਦ ਕਰ ਦਿੱਤੇ, ਪਰ ਕੋਈ ਰਾਹ ਚਲਦਾ ਨੌਜਵਾਨ ਮੈਨੂੰ ਜ਼ਿਦ ਕਰਕੇ ਆਪਣੇ ਘਰ ਲੈ ਗਿਆ। ਉਸ ਦਾ ਕੱਚਾ ਘਰ ਕੋਈ ਦਰਵਾਜ਼ਾ ਨਹੀਂ, ਮੈਂ ਉਹ ਸਮਾਂ ਯਾਦ ਕਰਕੇ ਅੱਜ ਵੀ ਭਾਵੁਕ ਹੋ ਜਾਂਦਾ ਹਾਂ।

ਹਕੂਮਤ ਨੇ ਸਾਡੇ ਤੇ ਜ਼ੁਲਮ ਕਰਕੇ ਸੋਚਿਆ ਹੋਵੇਗਾ ਕਿ ਸ਼ਾਇਦ ਇਸ ਤਰ੍ਹਾਂ ਅਸੀਂ ਹਕੂਮਤ ਦੀ ਅਧੀਨਗੀ ਕਬੂਲ ਲਵਾਂਗੇ, ਪਰ ਇਸ ਵਰਤਾਰੇ ਨੇ ਸਾਨੂੰ ਹੋਰ ਮਜ਼ਬੂਤ ਕੀਤਾ ਹੈ। ਜਿਹੜੀਆਂ ਸੰਗਤਾਂ ਨੇ ਸਾਡੀ ਰੂਪੋਸ਼ੀ ਸਮੇਂ ਸਿੱਖ ਨੌਜਵਾਨਾਂ ਉੱਪਰ ਹੋ ਰਹੇ ਹਕੂਮਤੀ ਤਸ਼ੱਦਦ ਵਿਰੁੱਧ ਸੰਘਰਸ਼ ਕੀਤਾ, ਉਹਨਾਂ ਨੂੰ ਸਰਕਾਰ ਨੇ ਜਬਰ ਨਾਲ ਦੱਬ ਲਿਆ। ਖ਼ਾਸ ਤੌਰ ਤੇ ਹਰੀਕੇ ਪੁਲ, ਸੋਹਾਣਾ ਮੋਹਾਲੀ ਵਿੱਚ ਜਿਵੇਂ ਸ਼ਾਂਤਮਈ ਸੰਗਤਾਂ ਉੱਤੇ ਜ਼ੁਲਮ ਤੇ ਤਸ਼ੱਦਦ ਕੀਤਾ ਗਿਆ, ਗੱਡੀਆਂ ਭੰਨ ਦਿੱਤੀਆਂ ਗਈਆਂ, ਉਹ ਜ਼ੁਲਮ ਦੀ ਇੰਤਹਾ ਸੀ, ਇਸ ਜਬਰ ਨੂੰ ਸਹਾਰਨ ਵਾਲੀਆਂ ਸੰਗਤਾਂ ਦੇ ਅਸੀਂ ਹਮੇਸ਼ਾਂ ਰਿਣੀ ਰਹਾਂਗੇ। ਜਦੋਂ ਮੈਂ ਜਥੇਦਾਰ ਸਾਹਿਬ ਨੂੰ ਸਰਬੱਤ ਖ਼ਾਲਸਾ ਸੱਦਣ ਦੀ ਬੇਨਤੀ ਕੀਤੀ ਤਾਂ ਮੈਂ ਇਹ ਗੱਲ ਵੀ ਕਹੀ ਸੀ ਕਿ ਮੈਂ ਓਥੇ ਗ੍ਰਿਫ਼ਤਾਰੀ ਦੇਵਾਂਗਾ ਅਤੇ ਸਾਰੇ ਗ੍ਰਿਫ਼ਤਾਰ ਸਿੰਘ ਰਿਹਾ ਕਰ ਦਿੱਤੇ ਜਾਣ ਪਰ ਜਥੇਦਾਰ ਦੀ ਸਾਹਿਬ ਦੀ ਕੋਈ ਮਜਬੂਰੀ ਰਹੀ ਹੋਵੇਗੀ ਕਿ ਉਹ ਸਰਬੱਤ ਖ਼ਾਲਸਾ ਸੱਦਣ ਦੇ ਫ਼ੈਸਲੇ 'ਤੇ ਚੁੱਪ ਹੀ ਹੋ ਗਏ ਪਰ ਫਿਰ ਵੀ ਮੇਰਾ ਕਿਸੇ ਨਾਲ ਕੋਈ ਸ਼ਿਕਵਾ ਨਹੀਂ ਅਤੇ ਨਾ ਹੀ ਆਪਣਿਆਂ ਪ੍ਰਤੀ ਭਵਿੱਖ ਵਿੱਚ ਕਦੀ ਹੋਵੇਗਾ। ਮੈਂ ਸ਼ਹੀਦ ਭਾਈ ਗੁਰਜੰਟ ਸਿੰਘ ਬੁੱਧ ਸਿੰਘ ਵਾਲਾ ਦੇ ਪਿੰਡ ਸ਼ਹੀਦ ਭਾਈ ਸੰਦੀਪ ਸਿੰਘ ਦੀਪ ਸਿੱਧੂ ਦੀ ਪਹਿਲੀ ਬਰਸੀ 'ਤੇ ਸਟੇਜ 'ਤੇ ਇਹ ਆਖਿਆ ਸੀ ਕਿ ਮੇਰੀ ਲੜਾਈ ਆਪਣਿਆਂ ਨਾਲ ਨਹੀਂ ਭਾਵੇਂ ਕੋਈ ਸਾਨੂੰ ਮੰਦਾ ਬੋਲੇ ਅਸੀਂ ਜਰ ਲਵਾਂਗੇ ਪਰ ਕੌਮ ਵਿੱਚ ਖ਼ਾਨਾ-ਜੰਗੀ ਨਹੀਂ ਹੋਣੀ ਚਾਹੀਦੀ। ਇਹ ਮੇਰੇ ਵੱਲੋਂ ਕੀਤੇ ਕਾਰਜਾਂ ਸਮੇਂ ਵੀ ਮੁੱਖ ਉਦੇਸ਼ ਸੀ ਅਤੇ ਭਵਿੱਖ ਵਿੱਚ ਵੀ ਰਹੇਗਾ।

ਸਾਡਾ ਕੌਮੀ ਨਿਸ਼ਾਨਾ ਸਪਸ਼ਟ ਹੈ ਜਿਸ ਨੂੰ ਸਾਰੀ ਕੌਮ ਰੋਜ਼ਾਨਾ ਅਰਦਾਸ ਤੋਂ ਬਾਅਦ 'ਰਾਜ ਕਰੇਗਾ ਖ਼ਾਲਸਾ' ਦੇ ਸੰਕਲਪ ਵਜੋਂ ਦੁਹਰਾਉਂਦੀ ਹੈ। 18ਵੀਂ ਸਦੀ ਦੇ ਔਖੇ ਵੇਲਿਆਂ ਵਿੱਚ ਵੀ ਖ਼ਾਲਸਾ ਰਾਜ ਦੀ ਅਵਾਜ਼ ਜੰਗਲਾਂ ਬੇਲਿਆਂ ਵਿੱਚ ਗੂੰਜਾਂ ਪਾਉਂਦੀ ਰਹੀ ਸੀ । ਵੀਹਵੀਂ ਸਦੀ ਵਿੱਚ ਸੰਤ ਬਾਬਾ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਵਿੱਚ ਅਰੰਭੇ ਸੰਘਰਸ਼ ਦੌਰਾਨ ਹਜ਼ਾਰਾਂ ਸ਼ਹਾਦਤਾਂ ਦੇ ਕੇ ਅਸੀਂ ਗੁਰੂ ਨਾਲ਼ ਕੀਤੇ ਇਸ ਬਚਨ ਨੂੰ ਦੁਹਰਾਉਂਦੇ ਰਹੇ ਹਾਂ। ਸਿੱਖ ਲਈ ਖ਼ਾਲਸਾ ਰਾਜ ਦਾ ਸੰਕਲਪ ਆਪਣੇ ਗੁਰੂ ਨਾਲ਼ ਲਿਵ ਦਾ ਮਾਰਗ ਹੈ। ਖ਼ਾਲਸਾ ਰਾਜ ਹੀ ਸ਼ਬਦ ਗੁਰੂ ਦੇ ਵਿਵਹਾਰਿਕ ਅਮਲ ਦੀ ਸਿਖਰ ਹੈ। ਮੇਰਾ ਵਿਸ਼ਵਾਸ ਹੈ ਕਿ ਗੁਰੂ ਨਾਲ਼ ਲਿਵ ਦੇ ਇਸ ਬਚਨ ਨੂੰ ਭੁਲਾ ਕੇ ਅਸੀਂ ਜ਼ਿੰਦਗੀ ਦੇ ਹਰੇਕ ਖੇਤਰ ਵਿੱਚ ਔਝੜ ਰਾਹਾਂ ਦੇ ਸ਼ਿਕਾਰ ਹੋ ਜਾਵਾਂਗੇ। ਮੁੱਖ ਧਾਰਾ ਦੀ ਗੱਲ ਕਰਨ ਵਾਲ਼ੀ ਅਕਾਲੀ ਰਾਜਨੀਤੀ ਇਸ ਦੀ ਪ੍ਰਤੱਖ ਮਿਸਾਲ ਹੈ। ਇਤਿਹਾਸ ਵਿੱਚ ਅਕਾਲੀ ਆਗੂਆਂ ਨੇ ਜਦ ਤਕ ਖ਼ਾਲਸਾ ਰਾਜ ਦੀ ਇੱਛਾ ਨੂੰ ਮਰਨ ਨਹੀਂ ਦਿੱਤਾ, ਓਦੋਂ ਤਕ ਸਿੱਖ ਰਾਜਨੀਤੀ ਸਿਧਾਂਤਕ ਲੀਹਾਂ ਉੱਪਰ ਟਿਕੀ ਰਹੀ, ਪਰ ਜਦੋਂ ਅਕਾਲੀ ਆਗੂਆਂ ਨੇ ਇਸ ਇੱਛਾ ਨੂੰ ਤਿਆਗ ਕੇ ਖ਼ੁਦਗ਼ਰਜ਼ੀ ਵਾਲ਼ੀ ਸਿਆਸਤ ਫੜ ਲਈ ਤਾਂ ਉਸ ਦੇ ਖ਼ਿਮਆਜ਼ੇ ਵਜੋਂ ਹੀ ਸਿੱਖ ਰਾਜਨੀਤੀ ਨੂੰ ਮੌਜੂਦਾ ਸੰਕਟ ਦੇਖਣਾ ਪੈ ਰਿਹਾ ਹੈ। ਮੈਂ ਇਸ ਗੱਲ ਨੂੰ ਚੰਗੀ ਤਰ੍ਹਾਂ ਸਮਝਦਾ ਹਾਂ ਕਿ 1947 ਵਿੱਚ ਜਿਸ ਇਤਿਹਾਸਕ ਫੇਰ- ਬਦਲ ਮੌਕੇ ਅਸੀਂ ਭਾਰਤ ਦੇ ਮੌਜੂਦਾ ਰਾਜਸੀ ਢਾਂਚੇ ਵਿੱਚ ਫਸ ਗਏ ਸੀ, ਪਰ ਅਜੋਕੇ ਸਮੇਂ ਸੰਸਾਰ ਪੱਧਰ ਉੱਪਰ ਦੁਬਾਰਾ ਉੱਭਰ ਕੇ ਆਈ ਵੱਡੀ ਉਥੱਲ-ਪੁਲ ਹੀ ਸਾਡੀ ਰਾਜਸੀ ਹੋਣੀ ਲਈ ਨਵੀਂਆਂ ਸੰਭਾਵਨਾਵਾਂ ਲੈ ਕੇ ਆਵੇਗੀ।

ਖ਼ਾਲਸਾ ਜੀ, ਜਿਹੜੀ ਹਕੂਮਤ, ਜਿਹੜਾ ਸਿਸਟਮ ਸਾਡੇ ਵੀਰਾਂ ਨੂੰ ਸਜ਼ਾਵਾਂ ਪੂਰੀਆਂ ਹੋ ਜਾਣ ਦੇ ਬਾਵਜੂਦ ਰਿਹਾਅ ਕਰਨ ਲਈ ਤਿਆਰ ਨਹੀਂ, ਉਸ ਤੋਂ ਕਿਸੇ ਵੀ ਤਰ੍ਹਾਂ ਇਨਸਾਫ਼ ਦੀ ਆਸ ਨਹੀਂ ਰੱਖੀ ਜਾ ਸਕਦੀ। ਨਾ ਹੀ ਇਹ ਆਸ ਰੱਖੀ ਜਾ ਸਕਦੀ ਹੈ ਕਿ ਉਹ ਥਾਲ਼ੀ ਵਿੱਚ ਪਰੋਸ ਕੇ ਸਿੱਖਾਂ ਨੂੰ ਉਹਨਾਂ ਦੇ ਹੱਕ ਦੇ ਦੇਵੇਗੀ। ਇਹ ਹਕੂਮਤ ਅਤੇ ਸਿਸਟਮ ਤਾਂ ਸਾਡੀ ਹੋਂਦ ਨੂੰ ਹੀ ਦੁਨੀਆ ਦੇ ਨਕਸ਼ੇ ਤੋਂ ਮਿਟਾ ਦੇਣਾ ਚਾਹੁੰਦਾ ਹੈ। ਜੂਨ 1984 ਅਤੇ ਨਵੰਬਰ 1984 ਦੇ ਘੱਲੂਘਾਰੇ ਅਤੇ ਹੁਣ ਨਸ਼ਿਆਂ ਨੂੰ ਹਥਿਆਰ ਬਣਾ ਕੇ ਕੀਤੀ ਜਾ ਰਹੀ ਨਸਲਕੁਸ਼ੀ ਇਸ ਦੀ ਪ੍ਰਤੱਖ ਮਿਸਾਲ ਹੈ। ਅਸੀਂ ਆਪਣੀ ਕੌਮੀ ਹੋਂਦ ਬਚਾਉਣ ਲਈ ਸੰਘਰਸ਼ ਕਰਨਾ ਹੈ। ਹਰ ਹਾਲਾਤ ਅੰਦਰ ਚੜ੍ਹਦੀ ਕਲਾ ਅਤੇ ਗੁਰੂ ਉੱਪਰ ਭਰੋਸਾ ਹੀ ਸਾਨੂੰ ਸਾਡੀ ਮੰਜ਼ਿਲ ਤਕ ਲੈ ਕੇ ਜਾਵੇਗਾ। ਪੰਥਕ ਜਜ਼ਬਾ ਅਤੇ ਸਿੱਖ ਇਖ਼ਲਾਕ ਦੀ ਬੁਲੰਦੀ ਜੇਕਰ ਸਾਡੀ ਪੂੰਜੀ ਹੋਣਗੇ ਤਾਂ ਗੁਰੂ ਸਾਡੇ ਹਮੇਸ਼ਾਂ ਅੰਗ ਸੰਗ ਹੋਵੇਗਾ। ਗੁਰੂ ਦੀ ਅਸੀਸ ਸਦਕਾ ਹੀ ਖ਼ਾਲਸਾ ਹਰ ਮੈਦਾਨ ਫ਼ਤਿਹ ਕਰੇਗਾ। ਗੁਰੂ ਸਾਹਿਬ ਨੇ ਆਪਣੇ ਸਿੱਖਾਂ ਨਾਲ਼ ਇਹ ਬਚਨ ਕੀਤਾ ਹੋਇਆ ਕਿ ਖ਼ਾਲਸਾ ਜਦ ਤਕ ਆਪਣੀ ਨਿਆਰੀ ਹਸਤੀ ਨੂੰ ਬਰਕਰਾਰ ਰੱਖੇਗਾ ਤਾਂ ਗੁਰੂ ਸਾਹਿਬ ਆਪਣੀ ਬਖ਼ਸ਼ਿਸ਼ ਰੂਪੀ ਤਾਕਤ ਖ਼ਾਲਸੇ ਦੀ ਝੋਲ਼ੀ ਪਾਉਂਦੇ ਰਹਿਣਗੇ। ਭਵਿੱਖ ਵਿੱਚ ਸਮੇਂ-ਸਮੇਂ ਤੁਹਾਡੇ ਨਾਲ਼ ਵਿਚਾਰਾਂ ਦੀ ਸਾਂਝ ਪਾਉਣ ਦਾ ਵਾਅਦਾ ਕਰਦਾ ਹੋਇਆ ਫ਼ਤਿਹ ਬੁਲਾਉਂਦਾ ਹਾਂ।

**ਵਾਹਿਗੁਰੂ ਜੀ ਕਾ ਖ਼ਾਲਸਾ॥ ਵਾਹਿਗੁਰੂ ਜੀ ਕੀ ਫ਼ਤਿਹ॥**

**ਗੁਰੂ ਪੰਥ ਦਾ ਦਾਸ,**

**-ਅੰਮ੍ਰਿਤਪਾਲ ਸਿੰਘ ਖ਼ਾਲਸਾ**
**(ਨਜ਼ਰਬੰਦ ਡਿਬਰੂਗੜ੍ਹ ਜੇਲ੍ਹ)**


ਆਵਾਜ਼ਿ ਕੌਮ AWAZE QAUM International Newspaper & WEB TV

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net




ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net

## ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ

Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST LUNCH DINNER
OUR SPECIALIZATION : Au Important Ingredients used to Prepare Dishes are Grown in our own farmes.
Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad
V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment

## ਪੰਜਾਬੀ

### ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

Love Maa Boli Punjabi

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ

ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ

ੋ ਹੋੜਾ, ੌ ਕਨੌੜਾ, ੰ ਟਿੱਪੀ, ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

Learn Speak Read Write PUNJABI



ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470




ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446




ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ। ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
+44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com
E-mail : gnstuk@hotmail.com



HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM International Newspaper & WEB TV
CALL US TO BOOK YOUR CSCS LEVEL ONE COURSE.
07715128621



KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।



**www.khalsaforge.com**

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਗੁਰਮਤਿ ਸਮਾਗਮ

☛ ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲੱਗ ਕੇ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਨਿਭਾਈ ਜਾਵੇਗੀ। ☛ ਸਮੂਹ ਸ਼ਹੀਦਾਂ ਦੀ ਯਾਦ ਅਤੇ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ਼੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਭਿੰਡਰਾਂਵਾਲਿਆਂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ।



ਸ਼ੁੱਕਰਵਾਰ 23 ਅਗਸਤ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭ ਹੋਵੇਗੀ ਅਤੇ 25 ਅਗਸਤ ਐਤਵਾਰ ਨੂੰ ਸੰਪੂਰਨ ਭੋਗ ਪੈਣਗੇ।

• ਸ਼ਨਿੱਚਰਵਾਰ 24 ਅਗਸਤ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ • ਐਤਵਾਰ 25 ਅਗਸਤ 2024 ਨੂੰ 6:30 ਵਜੇ ਸਵੇਰੇ ਚੁਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਵੀਸ਼ਰੀ ਜਥਾ ਭਾਈ ਅਵਤਾਰ ਸਿੰਘ ਮਝੈਲ ਜਰਮਨੀ ਅਤੇ ਕਥਾਵਾਚਕ ਸਿੰਘ ਅਤੇ ਰਾਗੀ ਸਿੰਘ ਗੁਰਬਾਣੀ ਕੀਰਤਨ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਵੱਖ ਵੱਖ ਤਰ੍ਹਾਂ ਦੇ ਸਟਾਲ ਅਤੇ ਛਬੀਲ ਵੀ ਲੱਗੇਗੀ ☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ, ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ
ਮਹਾਨ ਬਰਸੀ ਸਮਾਗਮ
ਅਤੇ ਜੂਨ 1984 ਦੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ
ਸ੍ਰੀ ਹਜ਼ੂਰ ਸੰਤ ਬਾਬਾ ਈਸ਼ਰ ਸਿੰਘ ਜੀ ਮਹਾਰਾਜ
ਸ੍ਰੀ ਮਾਨ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ
ਸ੍ਰੀ ਮਾਨ ਸੰਤ ਬਾਬਾ ਭਗਵਾਨ ਸਿੰਘ ਜੀ ਮਹਾਰਾਜ (ਰਾੜਾ ਸਾਹਿਬ ਬੇਗੋਵਾਲ) ਵਾਲਿਆਂ ਦੀ ਰਹਿਨੁਮਾਈ ਹੇਠ
4 ਰੋਜ਼ਾ
ਮਹਾਨ ਗੁਰਮਤਿ ਸਮਾਗਮ
ਬੈਂਕ ਹੋਲੀਡੇਅ ਵੀਕਐਂਡ
23 ਤੋਂ 26 ਅਗਸਤ 2024
ਸ੍ਰੀ ਮਾਨ ਸੰਤ ਬਾਬਾ ਭਗਵਾਨ ਸਿੰਘ ਜੀ ਮਹਾਰਾਜ (ਰਾੜਾ ਸਾਹਿਬ ਬੇਗੋਵਾਲ)
ਸ੍ਰੀ ਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ (ਮੌਜੂਦਾ ਮੁਖੀ ਦਮਦਮੀ ਟਕਸਾਲ)
ਸ਼ਨੀਵਾਰ 24 ਅਗਸਤ 2024
ਰੈਣਸਬਾਈ ਕੀਰਤਨ ਦਰਬਾਰ
ਐਤਵਾਰ 25 ਅਗਸਤ 2024
ਸ੍ਰੀ ਦਸਮ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਭੋਗ
ਸੋਮਵਾਰ 26 ਅਗਸਤ 2024
ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਭੋਗ
ਅੰਮ੍ਰਿਤ ਸੰਚਾਰ - ਐਤਵਾਰ 25 ਅਗਸਤ 2024 - ਦੁਪਹਿਰੇ 12 ਵਜੇ (ਹਾਲ 2)
ਜੋਰਜ ਸਟ੍ਰੀਟ, ਵੈਸਟ ਬਰੌਮਵਿਚ, ਬਰਮਿੰਘਮ, B70 6NH
(ਗੁਰੂ ਹਰਿ ਰਾਇ ਸਾਹਿਬ ਗੁਰਦੁਆਰਾ ਦੇ ਪਾਸ)
ਆਵਾਜ਼ਿ ਕੌਮ AWAZE QAUM
International Newspaper & WEB TV
ਵਧੇਰੇ ਜਾਣਕਾਰੀ, ਸੇਵਾ ਜਾਂ ਸਟਾਲ ਬੁਕਿੰਗ ਲਈ ਹੇਠ ਦਿੱਤੇ ਨੰਬਰਾਂ ਤੇ ਸੰਪਰਕ ਕਰੋ
07977 001313 | 07913 951860 | 07956 007161 | 07590 626176 | 07985 246484


With the blessings of Dhan Dhan Satguru Sahib Sri Guru Granth Sahib Ji
Mahaan Barsi Smagam
&
REMEMBERING THE SHAHEEDS OF 1984
SRI HAZOOR SANT BABA ISHER SINGH JI MAHARAJ
Rara Sahib
SRI MAAN SANT GIANI KARTAR SINGH JI KHALSA
Bhindranwale
Under the Guidance of: Sri Maan Sant Baba Bhagwan Singh Ji Maharaj (Rara Sahib Begowal)
4 DAY MAHAAN OPEN AIR
GURMAT SMAGAM
BANK HOLIDAY WEEKEND
23RD - 26TH AUGUST 2024
Sri Maan Sant Baba Bhagwan Singh Ji Maharaj (Rara Sahib Begowal)
Sri Maan Sant Giani Jarnail Singh Ji Khalsa Bhindranwale (Maujuda Mukhi Damdami Taksal)
SAT 24TH AUG 2024
REHNSBHAI KIRTAN DARBAR
SUN 25TH AUG 2024
SRI DASAM GRANTH SEHAJ PAATH BHOG
MON 26TH AUG 2024
SRI GURU GRANTH SAHIB JI SEHAJ PAATH BHOG
AMRIT SANCHAAR - SUNDAY 25TH AUGUST 2024 - 12PM (HALL 2)
GEORGE ST, WEST BROMWICH, BIRMINGHAM, B70 6NH
(NEXT TO GURU HAR RAI SAHIB GURDWARA)
FOR FURTHER INFORMATION, SEVA AND STALL BOOKINGS PLEASE CONTACT
07977 001313 | 07913 951860 | 07956 007161 | 07590 626176 | 07985 246484
ਆਵਾਜ਼ਿ ਕੌਮ
AWAZE QAUM
International Newspaper & WEB TV





### ਜੰਗਲਾਤ ਵਰਕਰਾਂ ਆਪਣੀਆਂ ਮੰਗਾਂ ਮਨਵਾਉਣ ਲਈ

# ਵਣ ਮੰਡਲ ਦਫ਼ਤਰ ਸ੍ਰੀ ਮੁਕਤਸਰ ਸਾਹਿਬ ਧਰਨਾ ਸ਼ੁਰੂ

### ਜੇ ਡੀ ਐਫ ਓ ਨੇਂ ਜੱਥੇਬੰਦੀ ਨਾਲ ਮੀਟਿੰਗ ਨਾ ਕੀਤੀ ਤਾਂ ਜੱਥੇਬੰਦੀ ਨੂੰ ਸੰਘਰਸ਼ ਹੋਰ ਤਿੱਖਾ ਕਰਨ ਲਈ ਮਜਬੂਰ ਹੋਣਾ ਪਵੇਗਾ : ਭਜਨ ਸਿੰਘ ਹਸਤੀ ਵਾਲਾ





**ਸ੍ਰੀ ਮੁਕਤਸਰ ਸਾਹਿਬ, 22 ਅਗਸਤ (ਸੁਖਮੰਦਰ ਸਿੰਘ ਸ਼ਾਤ )**-ਅਗਸਤ ਪੰਜਾਬ ਵਣ ਵਿਭਾਗ ਵਰਕਰ ਯੂਨੀਅਨ ਵੱਲੋਂ ਵਣ ਮੰਡਲ ਸ੍ਰੀ ਮੁਕਤਸਰ ਸਾਹਿਬ ਦੇ ਦਫ਼ਤਰ ਸਾਹਮਣੇ ਧਰਨਾ ਲਾਲ ਸਿੰਘ ਮੰਡਲ ਪ੍ਰਧਾਨ ਅਤੇ ਸੇ.ਰ ਸਿੰਘ ਜਰਨਲ ਸਕੱਤਰ ਦੀ ਪ੍ਰਧਾਨਗੀ ਹੇਠ ਸਿਰੂ ਕੀਤਾ ਗਿਆ ਜੱਥੇਬੰਦੀ ਨੇ ਫੇਸਲਾ ਕੀਤਾ ਕੀ ਜਦੋਂ ਤੱਕ ਜੰਗਲਾਤ ਵਰਕਰਾ ਦੀਆਂ ਮੰਗਾਂ ਨਹੀਂ ਮੰਨੀਆਂ ਜਾਂਦੀਆਂ ਇਹ ਧਰਨਾ ਜਾਰੀ ਰਹੇਗਾ ਜੇ ਡੀ ਐਫ ਓ ਸ੍ਰੀ ਮੁਕਤਸਰ ਸਾਹਿਬ ਨੇ ਜੇ ਜੱਥੇਬੰਦੀ ਨਾਲ ਜਲਦੀ ਮੀਟਿੰਗ ਨਾ ਕੀਤੀ ਤਾਂ ਜੱਥੇਬੰਦੀ ਸੰਘਰਸ਼ ਨੂੰ ਹੋਰ ਤਿੱਖਾ ਕਰਨ ਲਈ ਮਜਬੂਰ ਹੋਵੇਗੀ ਧਰਨੇ ਦਾ ਜੋ ਵੀ ਸਿੱਟਾ ਨਿਕਲਦਾ ਹੈ ਤਾਂ ਡੀ ਐਫ ਓ ਸ੍ਰੀ ਮੁਕਤਸਰ ਸਾਹਿਬ ਦੀ ਨਿਜੀ ਜ਼ੁਮੇਵਾਰੀ ਹੋਵੇਗੀ ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਜੋਗਿੰਦਰ ਸਿੰਘ ਕਮੱਘਰ ।ਮੱਲ ਸਿੰਘ ।ਕਾਲਾ ਸਿੰਘ ਫਾਜ਼ਿਲਕਾ। ਭਜਨ ਸਿੰਘ ਰੇਂਜ ਪ੍ਰਧਾਨ ਫਿਰੋਜ਼ਪੁਰ। ਅਜੀਤ ਸਿੰਘ ਜ਼ੀਰਾ ਸੁਖਾ ਮੋਗਾ ।ਹਰਮੇਸ਼ ਸਿੰਘ ।ਰੇਸ਼ਮ ਸਿੰਘ ।ਸੁਰਜੀਤ ਸਿੰਘ ।ਰੇਸ਼ਮ ਸਿੰਘ ਫਾਜ਼ਿਲਕਾ ।ਵਰਿਆਮ ਸਿੰਘ ਆਦਿ ਵੱਡੀ ਗਿਣਤੀ ਵਿਚ ਵਰਕਰ ਸ਼ਮੂਲੀਅਤ ਕੀਤੀ।


ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243


# ਭਾਦੋਂ ਦੀ ਸੰਗਰਾਂਦ ਦੇ ਦਿਹਾੜੇ ਨੂੰ ਮੁੱਖ ਰੱਖਦਿਆਂ ਭਾਈ ਬੂਟਾ ਸਿੰਘ ਦੇ ਜਥੇ ਨੇ ਕੀਤਾ ਸੰਗਤਾਂ ਨੂੰ ਨਿਹਾਲ

### ਗੁ . ਜਾਮਣੀ ਸਾਹਿਬ ਦੇ ਜੱਥੇ ਨੇ ਖਾਲਸਾ ਗੁ:ਛਾਉਣੀ ਵਿਖੇ ਕੀਤਾ ਸੰਗਤਾ ਨੂੰ ਨਿਹਾਲ



**ਫਿਰੋਜ਼ਪੁਰ, 22 ਅਗਸਤ (ਸੁਖਮੰਦਰ ਸਿੰਘ ਸ਼ਾਤ )**-16-8-24 ਨੂੰ ਭਾਦੋਂਰੂ ਦੀ ਸੰਗਰਾਂਦ ਦੇ ਦਿਹਾੜੇ ਨੂੰ ਸਮਰਪਿਤ ਰਾਤਰੀ ਦੇ ਦੀਵਾਨ ਗੁਰਦੁਆਰਾ ਖਾਲਸਾ ਛਾਵਣੀ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਇ ਗੈ ਜਿਸ ਦੇ ਵਿੱਚ ਰਾਗੀ ਜੱਥਾ ਭਾਈ ਬੂਟਾ ਸਿੰਘ ਗੁਰੂਦੁਆਰਾ ਜਾਮਨੀ ਸਾਹਿਬ ਬਜੀਦਪੁਰ ਵਾਲਿਆ ਨੇ ਸੰਗਤਾਂ ਨੂੰ ਕੀਰਤਨ ਸੁਣਾਕੇ ਨਿਹਾਲ ਕੀਤਾ।

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਵੋਟਾਂ ਬਣਾਉਣ ਦੀ ਅਪੀਲ—16 ਸਤੰਬਰ ਤੱਕ ਸਿੱਖ ਬਣਵਾਉਣ ਆਪਣੀਆਂ ਵੋਟਾਂ

ਫ਼ਿਰੋਜ਼ਪੁਰ, 22 ਅਗਸਤ (ਮਨੋਹਰ ਲਾਲ) :— ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਬਣ ਰਹੀਆਂ ਵੋਟਾਂ ਦਾ ਜ਼ਿਕਰ ਕਰਦਿਆਂ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਲੰਢਿਆਣਾ ਕਲਾਂ ਨੇ ਸਿੱਖ ਵੋਟਰਾਂ ਨੂੰ ਅਪੀਲ ਕੀਤੀ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਹਾਊਸ ਦੀ ਆਉਣ ਵਾਲੀਆਂ ਵੋਟਾਂ ਵਿੱਚ ਹਿੱਸਾ ਲੈਣ ਲਈ ਸਾਨੂੰ ਵੱਧ ਤੋਂ ਵੱਧ ਆਪਣੀਆਂ ਵੋਟਾਂ ਬਣਾਉਣੀਆ ਚਾਹੀਦੀਆਂ ਹਨ। ਉਨ੍ਹਾਂ ਕਿਹਾ ਕਿ ਗੁਰਦੁਆਰਾ ਚੋਣ ਕਮਿਸ਼ਨ ਨੇ 16 ਸਤੰਬਰ ਤੱਕ ਵੋਟਾਂ ਬਣਾਉਣ ਲਈ ਸਮਾਂ ਵਧਾਇਆ ਹੈ, ਜਿਸ ਦਾ ਲਾਹਾ ਲੈਂਦਿਆਂ ਸਾਨੂੰ ਆਪਣੀ ਵੋਟ ਬਣਵਾਉਣੀ ਚਾਹੀਦਾ ਹੈ। ਭਾਈ ਰਣਜੀਤ ਸਿੰਘ ਨੇ ਗੱਲਬਾਤ ਕਰਦਿਆਂ ਕਿਹਾ ਕਿ ਧਾਰਮਿਕ ਆਗੂ ਅਤੇ ਮੋਹਤਬ ਪ੍ਰੇਰਿਤ ਕਰਕੇ 21 ਸਾਲ ਤੋਂ ਵੱਧ ਉਮਰ ਵਾਲਿਆ ਦੀ ਵੋਟਾ ਬਣਾਉਣ।



ਖੇਡਾਂ ਵਤਨ ਪੰਜਾਬ ਦੀਆਂ ਮਸ਼ਾਲ ਮਾਰਚ ਦਾ ਫ਼ਿਰੋਜ਼ਪੁਰ ਪਹੁੰਚਣ 'ਤੇ ਵਿਧਾਇਕ ਭੁੱਲਰ ਤੇ ਏ.ਡੀ.ਸੀ ਕੀਤਾ ਸਵਾਗਤ

# ਮਸ਼ਾਲ ਮਾਰਚ ਨੂੰ ਹਰੀ ਝੰਡੀ ਦੇ ਕੇ ਤਰਨਤਾਰਨ ਲਈ ਕੀਤਾ ਰਵਾਨਾ





**ਫ਼ਿਰੋਜ਼ਪੁਰ, 22 ਅਗਸਤ (ਮਨੋਹਰ ਲਾਲ) :—** ਸਿਹਤਮੰਦ ਤੇ ਰੰਗਲੇ ਪੰਜਾਬ ਦੀ ਸਿਰਜਣਾ ਅਤੇ ਰਾਜ ਨੂੰ ਖੇਡਾਂ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣਾਉਣ ਦੇ ਮੰਤਵ ਲਈ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਦੇ ਦਿਸ਼ਾ—ਨਿਰਦੇਸ਼ਾਂ ਅਨੁਸਾਰ ਸ਼ੁਰੂ ਕੀਤੀਆਂ ਗਈਆਂ 'ਖੇਡਾਂ ਵਤਨ ਪੰਜਾਬ ਦੀਆਂ'—2024 (ਸੀਜ਼ਨ—3) ਖੇਡਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਮਸ਼ਾਲ ਮਾਰਚ ਦਾ ਫ਼ਿਰੋਜ਼ਪੁਰ ਵਿਖੇ ਪਹੁੰਚਣ 'ਤੇ ਵਿਧਾਇਕ ਫ਼ਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਅਤੇ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਡਾ: ਨਿਧੀ ਕੁਮੁਦ ਬਾਮਬਾ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਸਮੂਹ ਖੇਡ ਪ੍ਰੇਮੀਆਂ, ਖਿਡਾਰੀਆਂ ਅਤੇ ਕੋਚਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਦੇ ਬੱਚਿਆਂ ਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਸਿਹਤਮੰਦ, ਨਰੋਏ ਤੇ ਰੰਗਲੇ ਪੰਜਾਬ ਦੀ ਸਿਰਜਣਾ ਅਤੇ ਰਾਜ ਨੂੰ ਖੇਡਾਂ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਗਈਆਂ 'ਖੇਡਾਂ ਵਤਨ ਪੰਜਾਬ ਦੀਆਂ' ਨੂੰ ਭਰਵਾਂ ਹੁੰਗਾਰਾ ਮਿਲਿਆ ਜਿਸ ਵਿੱਚ ਵੱਡੀ ਗਿਣਤੀ ਖਿਡਾਰੀਆਂ ਨੇ ਭਾਗ ਲਿਆ। ਉਨ੍ਹਾਂ ਕਿਹਾ ਕਿ ਸ: ਭਗਵੰਤ ਮਾਨ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ ਨਾਲ ਖਿਡਾਰੀਆਂ ਨੂੰ ਅੰਤਰਾਸ਼ਟਰੀ ਪੱਧਰ ਦਾ ਖਿਡਾਰੀ ਬਣਾਉਣ ਲਈ ਇਕ ਚੰਗਾ ਮੰਚ ਪ੍ਰਦਾਨ ਕੀਤਾ ਹੈ। ਗੱਲਬਾਤ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਡਾ: ਨਿਧੀ ਕੁਮੁਦ ਬਾਮਬਾ ਨੇ ਖਿਡਾਰੀਆਂ ਨੂੰ 'ਖੇਡਾਂ ਵਤਨ ਪੰਜਾਬ ਦੀਆਂ' ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦਾ ਸੱਦਾ ਦਿੰਦਿਆਂ ਕਿਹਾ ਕਿ ਇਨ੍ਹਾਂ ਖੇਡ ਈਵੈਂਟ ਵਿੱਚ ਬਲਾਕ, ਜ਼ਿਲ੍ਹਾ ਅਤੇ ਰਾਜ ਪੱਧਰ ਤੱਕ ਖੇਡਾਂ ਕਰਾਈਆਂ ਜਾਣਗੀਆਂ ਅਤੇ ਖਿਡਾਰੀਆਂ ਨੂੰ ਇਨਾਮ ਵੀ ਦਿੱਤੇ ਜਾਣਗੇ। ਉਨ੍ਹਾਂ ਜ਼ਿਲ੍ਹੇ ਦੇ ਸਾਰੇ ਖਿਡਾਰੀਆਂ ਨੂੰ ਖੇਡਾਂ ਵਤਨ ਪੰਜਾਬ ਦੀਆਂ 2024 ਵਿੱਚ ਹਿੱਸਾ ਲੈਣ ਲਈ ਆਨਲਾਈਨ ਰਜਿਸਟ੍ਰੇਸ਼ਨ ਕਰਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਹ ਮਸ਼ਾਲ ਪੂਰੇ ਪੰਜਾਬ ਵਿੱਚ ਮਾਰਚ ਕਰਨ ਤੋਂ ਬਾਅਦ ਸੰਗਰੂਰ ਵਿਖੇ 29 ਅਗਸਤ ਨੂੰ ਪਹੁੰਚੇਗੀ ਜਿੱਥੇ ਖੇਡਾਂ ਦੇ ਤੀਜੇ ਸੀਜ਼ਨ ਦਾ ਉਦਘਾਟਨ ਹੋਵੇਗਾ ਅਤੇ ਰ ਜ਼ਿਲਾ ਹੈਡਕੁਆਟਰ ਉਤੇ ਮਸ਼ਾਲ ਮਾਰਚ ਵਿੱਚ ਸਥਾਨਕ ਉੱਘੇ ਖਿਡਾਰੀ, ਖੇਡ ਵਿਭਾਗ ਦੇ ਕਰਮਚਾਰੀ, ਸਥਾਨਕ ਨੁਮਾਇੰਦੇ ਅਤੇ ਜ਼ਿਲਾ ਪ੍ਰਸ਼ਾਸਨ ਦੇ ਅਧਿਕਾਰੀ ਸ਼ਾਮਲ ਹੋਣਗੇ। ਇਸ ਮੌਕੇ ਵਿਧਾਇਕ ਰਣਬੀਰ ਸਿੰਘ ਭੁੱਲਰ ਅਤੇ ਵਧੀਕ ਡਿਪਟੀ ਕਮਿਸ਼ਨਰ ਡਾ: ਨਿਧੀ ਕੁਮੁਦ ਬਾਮਬਾ ਵੱਲੋਂ ਮਸ਼ਾਲ ਮਾਰਚ ਨੂੰ ਹਰੀ ਝੰਡੀ ਦੇ ਕੇ ਤਰਨਤਾਰਨ ਜ਼ਿਲ੍ਹੇ ਲਈ ਰਵਾਨਾ ਕੀਤਾ ਗਿਆ ਅਤੇ ਇਹ ਮਸ਼ਾਲ ਮਾਰਚ ਜ਼ੀਰਾ ਅਤੇ ਮੱਖੂ ਤੋਂ ਹੁੰਦਾ ਹੋਇਆ ਤਰਨਤਾਰਨ ਜ਼ਿਲ੍ਹੇ ਵਿੱਚ ਪਹੁੰਚੇਗਾ ਤੇ ਤਰਨਤਾਰਨ ਤੋਂ ਹੋ ਕੇ 22 ਅਗਸਤ ਨੂੰ ਅੰਮ੍ਰਿਤਸਰ ਤੇ ਗੁਰਦਾਸਪੁਰ, 23 ਅਗਸਤ ਨੂੰ ਪਠਾਨਕੋਟ ਤੇ ਹੁਸ਼ਿਆਰਪੁਰ, 24 ਅਗਸਤ ਨੂੰ ਜਲੰਧਰ ਤੇ ਕਪੂਰਥਲਾ, ਸ਼ਹੀਦ ਭਗਤ ਸਿੰਘ ਨਗਰ, 25 ਅਗਸਤ ਨੂੰ ਰੂਪਨਗਰ, ਐਸ.ਏ.ਐਸ.ਨਗਰ, ਫਤਹਿਗੜ੍ਹ ਸਾਹਿਬ, 26 ਅਗਸਤ ਨੂੰ ਪਟਿਆਲਾ, ਮਲੇਰਕੋਟਲਾ, ਬਰਨਾਲਾ, 27 ਅਗਸਤ ਨੂੰ ਫਰੀਦਕੋਟ, ਫਾਜ਼ਿਲਕਾ, 28 ਅਗਸਤ ਨੂੰ ਸ਼੍ਰੀ ਮੁਕਤਸਰ ਸਾਹਿਬ, ਬਠਿੰਡਾ ਅਤੇ 29 ਅਗਸਤ ਨੂੰ ਮਾਨਸਾ ਤੇ ਸੰਗਰੂਰ ਵਿਖੇ ਮਸ਼ਾਲ ਮਾਰਚ ਪਹੁੰਚੇਗੀ। ਇਸ ਅਵਸਰ 'ਤੇ ਜ਼ਿਲ੍ਹਾ ਖੇਡ ਅਫ਼ਸਰ ਰੁਪਿੰਦਰ ਸਿੰਘ, ਚੇਅਰਮੈਨ ਮਾਰਕੀਟ ਕਮੇਟੀ ਬਲਰਾਜ ਕਟੋਰਾ, ਰਾਜ ਬਹਾਦਰ ਸਿੰਘ, ਅਮਰਿੰਦਰ ਸਿੰਘ, ਜਸਬੀਰ ਜੋਸਨ ਤੋਂ ਇਲਾਵਾ ਜ਼ਿਲ੍ਹੇ ਦੇ ਅਧਿਕਾਰੀ, ਖਿਡਾਰੀ, ਕੋਚ ਅਤੇ ਵੱਡੀ ਗਿਣਤੀ ਖੇਡ ਪ੍ਰੇਮੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਮਰੱਥ ਪੰਜਾਬ ਸਿਰਜਣ ਲਈ ਮਿਸਲ ਸਤਲੁਜ਼ ਵੱਲੋਂ

# 25 ਅਗਸਤ ਨੂੰ ਬਠਿੰਡਾ ਪਹੁੰਚੋ : ਦਵਿੰਦਰ ਸਿੰਘ ਸੇਖੋਂ ਜਨਰਲ ਸਕੱਤਰ ਮਿਸਲ ਸਤਲੁਜ



ਫ਼ਿਰੋਜ਼ਪੁਰ, 22 ਅਗਸਤ (ਮਨੋਹਰ ਲਾਲ) :— ਸਮਰੱਥ ਪੰਜਾਬ ਸਿਰਜਣ ਲਈ ਪੰਜਾਬ ਦੇ ਲੋਕਾਂ ਨੂੰ ਗੰਦੇ ਪਾਣੀ ਤੋਂ ਬਚਾਉਣ ਲਈ ਦਿਨੋਂ—ਦਿਨ ਗੰਦੇ ਪਾਣੀ ਦੇ ਪੀਣ ਨਾਲ ਪੰਜਾਬ ਦੇ ਲੋਕਾਂ ਨੂੰ ਕੈਂਸਰ ਅਤੇ ਹੋਰ ਬਿਮਾਰੀਆਂ ਤੋਂ ਬਚਾਉਣ ਲਈ ਮਿਸਲ ਸਤਲੁਜ਼ ਨਾਲ ਜੁੜਨ ਲਈ 25 ਅਗਸਤ 2024 ਦਿਨ ਐਤਵਾਰ ਸਥਾਨ ਟੀਚਰਜ ਹੋਮ ਨੇੜੇ ਫੌਜੀ ਚੌਕ ਬਠਿੰਡਾ ਪਹੁੰਚੋ। ਇਹ ਜਾਣਕਾਰੀ ਸਾਂਝੀ ਕਰਦਿਆਂ ਦਵਿੰਦਰ ਸਿੰਘ ਸੇਖੋਂ ਜਨਰਲ ਸਕੱਤਰ ਮਿਸਲ ਸਤਲੁਜ਼ ਨੇ ਦੱਸਿਆ ਕਿ ਸਮਰੱਥ ਪੰਜਾਬ ਸਿਰਜਣ ਲਈ ਆਓ ਇਕ ਵਾਰ ਜ਼ੋਰਾ ਨਾਲ ਹਮਲਾ ਮਾਰੀਏ। ਇਸ ਮੌਕੇ ਤੇ ਅਜੇਪਾਲ ਸਿੰਘ ਬਰਾੜ ਪ੍ਰਧਾਨ ਮਿਸਲ ਸਤਲੁਜ਼, ਰਾਜਪਾਲ ਸਿੰਘ ਸੰਧੂ ਮੀਤ ਪ੍ਰਧਾਨ, ਦਵਿੰਦਰ ਸਿੰਘ ਸੇਖੋਂ ਜਨਰਲ ਸਕੱਤਰ ਮਿਸਲ ਸਤਲੁਜ਼, ਹਰਦੀਪ ਸਿੰਘ ਡੋਡ ਸਕੱਤਰ ਯੂਥ ਮਿਸਲ ਸਤਲੁਜ਼, ਸੁਖਵਿੰਦਰ ਸਿੰਘ ਗਗਨ ਯੂਥ ਪ੍ਰਧਾਨ ਮਾਲਵਾ ਜ਼ੋਨ, ਹਰਦੇਵ ਸਿੰਘ ਬਰਾੜ ਘਣੀਏਵਾਲਾ ਪ੍ਰਧਾਨ ਕਿਸਾਨ ਵਿੰਗ, ਮਾਲਵਾ ਜ਼ੋਨ, ਗੁਰਬੀਰ ਸਿੰਘ ਬੱਬੂ ਖੋਸਾ, ਰਣਪਿੰਦਰਜੀਤ ਸਿੰਘ ਗੋਲਡੀ ਪਿੱਪਲੀ, ਗੁਰਸੇਵਕ ਸਿੰਘ ਚਹਿਲ, ਰਮਨਦੀਪ ਸਿੰਘ, ਨਰਿੰਦਰਜੀਤ ਕੌਰ ਹਾਜ਼ਰ ਸਨ। ਇਸ ਮੌਕੇ ਬੋਲਦਿਆਂ ਦਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ 25 ਅਗਸਤ ਦਿਨ ਐਤਵਾਰ ਸਥਾਨ ਟੀਚਰਜ ਹੋਮ ਨੇੜੇ ਫੌਜੀ ਚੌਕ ਬਠਿੰਡਾ ਸਮਾਂ 11 ਵਜੇ ਸਵੇਰੇ ਸਮੂਹ ਪੰਜਾਬ ਨਿਵਾਸੀ ਪਹੁੰਚੋ।

ਆਵਾਜ਼ਿ ਕੌਮ AWAZE QAUM International Newspaper & WEB TV

ਬ੍ਰਹਮ ਗਿਆਨੀ ਧੰਨ—ਧੰਨ ਬਾਬਾ ਨੰਦ ਸਿੰਘ ਜੀ ਕਲੇਰਾਂ ਵਾਲਿਆਂ ਦੀ 81ਵੀਂ ਬਰਸੀ ਸਮਾਗਮ ਜੋ ਕਿ 17 ਤੋਂ 25 ਅਗਸਤ ਤੱਕ ਚੱਲ ਰਹੇ ਹਨ ਵਿਖੇ

# ਸੰਤ ਬਾਬਾ ਜਗਜੀਤ ਸਿੰਘ ਲੋਪੋ ਅਤੇ ਸੰਤ ਬਾਬਾ ਬਲਵੀਰ ਸਿੰਘ ਜੀ ਸੀਚੇਵਾਲ ਨੇ ਭਰੀ ਹਾਜ਼ਰੀ

ਫ਼ਿਰੋਜ਼ਪੁਰ, 22 ਅਗਸਤ (ਮਨੋਹਰ ਲਾਲ) :— ਬ੍ਰਹਮ ਗਿਆਨੀ ਧੰਨ—ਧੰਨ ਬਾਬਾ ਨੰਦ ਸਿੰਘ ਜੀ ਨਾਨਕਸਰ ਕਲੇਰਾਂ ਵਾਲਿਆਂ ਦੀ 81ਵੀਂ ਬਰਸੀ ਸਮਾਗਮ ਬਰਮਿੰਘਮ ਯੂ.ਕੇ ਵਿਖੇ 17 ਅਗਸਤ ਤੋਂ 25 ਅਗਸਤ ਤੱਕ ਚੱਲ ਰਿਹਾ ਹੈ। ਬਾਬੇ ਕੇ ਫਾਰਮ ਹੋਕਲੀ ਇੰਟਰਨੈਸ਼ਨਲ ਜਥੇ ਦੇ ਫਾਰਮ ਵਿਖੇ ਮਨਾਇਆ ਜਾ ਰਿਹਾ ਹੈ। ਇਹ ਜਾਣਕਾਰੀ ਜ਼ਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਨੇ ਦੱਸਿਆ ਕਿ ਇਸ ਮੌਕੇ ਤੇ ਸੰਤ ਬਾਬਾ ਜਗਜੀਤ ਸਿੰਘ ਲੋਪੋਕੇ ਅਤੇ ਸੰਤ ਬਾਬਾ ਬਲਵੀਰ ਸਿੰਘ ਜੀ ਸੀਚੇਵਾਲ, ਦਵਿੰਦਰ ਸਿੰਘ ਸੋਢੀ, ਡਾ: ਗੁਰਨਾਮ ਸਿੰਘ ਪਟਿਆਲਾ, ਸੰਤ ਬਾਬਾ ਭੁਪਿੰਦਰ ਸਿੰਘ ਜੀ ਰਾੜਾ ਸਾਹਿਬ ਸਮਾਗਮ ਦੀ ਹਾਜ਼ਰੀ ਭਰ ਰਹੇ ਹਨ। ਸ੍ਰੀ ਜ਼ਸਵਿੰਦਰ ਸਿੰਘ ਕਾਲਾ ਅਤੇ ਮਨਜੀਤ ਸਿੰਘ ਭੋਗਲ ਨੇ ਕਿਹਾ ਕਿ ਬ੍ਰਹਮ ਗਿਆਨੀ ਧੰਨ—ਧੰਨ ਬਾਬਾ ਨੰਦ ਸਿੰਘ ਜੀ ਨਾਨਕਸਰ ਕਲੇਰਾਂ ਵਾਲਿਆਂ ਦੀ ਬਰਸੀ ਹਰ ਸਾਲ ਸੰਤ ਬਾਬਾ ਨਾਹਰ ਸਿੰਘ ਜੀ ਨੇ ਵੱਡੇ ਪੱਧਰ ਤੇ ਮਨਾਉਣੀ ਸ਼ੁਰੂ ਕੀਤੀ ਸੀ ਅਤੇ 35 ਕਿਲਿਆਂ ਵਿਚ ਫਾਰਮ ਮੁੱਲ ਲੈ ਕੇ ਬਾਬੇ ਕੇ ਫਾਰਮ ਨਾਲ ਮਸ਼ਹੂਰ ਹੋਇਆ। ਇਥੇ ਹਰ ਸਾਲ ਦੇਸ਼—ਵਿਦੇਸ਼ ਦੀਆਂ ਸੰਗਤਾਂ ਭਾਰੀ ਗਿਣਤੀ ਵਿਚ ਪਹੁੰਚਦੀਆਂ ਹਨ। ਇਸ ਸਮਾਗਮ ਵਿਚ ਬਹੁਤ ਵਧੀਆ ਖਾਣ—ਪੀਣ ਦਾ ਪ੍ਰਬੰਧ, ਰਹਿਣ—ਸਹਿਣ ਦਾ ਪ੍ਰਬੰਧ ਇਥੋਂ ਦੀਆਂ ਸੰਗਤਾਂ ਵੱਲੋਂ ਕੀਤਾ ਜਾਂਦਾ ਹੈ। ਸ੍ਰੀ ਜ਼ਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਵਕੀਲ ਨੇ ਅੱਗੇ ਕਿਹਾ ਕਿ ਇਨ੍ਹਾਂ ਸਮਾਗਮ ਪ੍ਰਬੰਧਾਂ ਵਿਚ ਹਰ ਇਕ ਮੈਂਬਰ ਦੀਆਂ ਡਿਊਟੀਆਂ ਲਾਈਆਂ ਹੋਈਆਂ ਹਨ ਅਤੇ ਸਾਰੇ ਹੀ ਮੈਂਬਰ ਦਿਨ—ਰਾਤ ਸੇਵਾ ਕਰਦੇ ਹਨ, ਉਥੇ ਬੀਬੀਆਂ ਜਿਹੜੀਆਂ ਕਿ ਲੰਗਰ ਦੀ ਸੇਵਾ ਕਰਹੀਆਂ ਹਨ, ਜਿਸ ਵਿਚ ਬੀਬੀ ਨਿੰਦਰ ਕੌਰ, ਬੀਬੀ ਜ਼ਸਬੀਰ ਕੌਰ, ਬੀਬੀ ਨਿਰੰਜਨ ਕੌਰ, ਨਗਿੰਦਰ ਕੌਰ ਹਰ ਤਰ੍ਹਾਂ ਦੇ ਪਕਵਾਨ ਬਨਾਉਣ ਵਿਚ ਦਿਨ—ਰਾਤ ਸੇਵਾ ਕਰ ਰਹੀਆਂ ਹਨ, ਉਥੇ ਨੌਜਵਾਨ, ਬਜ਼ੁਰਗ ਵੀ ਰਾਤ—ਦਿਨ ਸੇਵਾ ਕਰ ਰਹੇ ਹਨ, ਜਿਸ ਵਿਚ ਜੁਝਾਰ ਸਿੰਘ, ਹਰਪਾਲ ਸਿੰਘ, ਗੁਰਪ੍ਰੀਤ ਸਿੰਘ ਗੋਪੀ, ਅਮਰੀਕ ਸਿੰਘ ਮਿਨਾ, ਨਗਿੰਦਰ ਸਿੰਘ ਜੰਡ, ਧਰਮ ਸਿੰਘ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਸੰਗਤਾਂ, ਮਹਾਂਪੁਰਸ਼ਾਂ ਦੀ ਸੇਵਾ, ਸੰਗਤਾਂ ਦੀ ਸੇਵਾ ਕਰ ਰਹੀਆਂ ਹਨ। ਸ੍ਰੀ ਜ਼ਸਵਿੰਦਰ ਸਿੰਘ ਕਾਲਾ ਅਤੇ ਮਨਜੀਤ ਸਿੰਘ ਭੋਗਲ ਨੇ ਕਿਹਾ ਕਿ ਇਸ ਵਾਰ ਭਾਰੀ ਗਿਣਤੀ ਵਿਚ ਸੰਗਤਾਂ ਪਹੁੰਚੀਆਂ ਹਨ। ਸਟੇਜ਼ ਦੀ ਸੇਵਾ ਸ੍ਰੀ ਜ਼ਸਵਿੰਦਰ ਸਿੰਘ ਕਾਲਾ ਅਤੇ ਮਨਜੀਤ ਸਿੰਘ ਭੋਗਲ ਨੇ ਵਾਰੋ—ਵਾਰੀ ਬੜੇ ਹੀ ਸੁਚੱਜੇ ਢੰਗ ਨਾਲ ਨਿਭਾਈ।








ਆਵਾਜ਼ਿ ਕੌਮ AWAZE QAUM International Newspaper & WEB TV

# ਸਕੂਲ ਵਿਚ ਮਨਾਇਆ ਰੱਖੜੀ ਦਾ ਤਿਉਹਾਰ





**ਫ਼ਿਰੋਜ਼ਪੁਰ, 22 ਅਗਸਤ (ਮਨੋਹਰ ਲਾਲ) :—** ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਕਰਤਾਰ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਬੁਰਜ ਮੱਖਣ ਸਿੰਘ ਵਾਲਾ ਵਿਖੇ ਬੱਚਿਆਂ ਵੱਲੋਂ ਰੱਖੜੀ ਦਾ ਤਿਉਹਾਰ ਮਨਾਇਆ ਗਿਆ। ਇਸ ਮੌਕੇ ਬੱਚਿਆਂ ਦੇ ਰੱਖੜੀ ਅਤੇ ਕਾਰਡ ਮੇਕਿੰਗ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਦੇ ਜੇਤੂਆਂ ਨੂੰ ਇਨਾਮਾਂ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬੋਲਦਿਆਂ ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਇਹ ਮੁਕਾਬਲੇ ਕਰਵਾਉਣ ਦਾ ਮੁੱਖ ਮਨੋਰਥ ਭੈਣ—ਭਰਾਵਾਂ ਦੇ ਪਿਆਰ ਦੀ ਗੰਢ ਨੂੰ ਪੀਚਣਾ ਹੈ ਤਾਂ ਜ਼ੋ ਭੈਣ—ਭਰਾਵਾਂ ਵਿਚ ਆਪਸੀ ਪਿਆਰ ਕਾਇਮ ਰਹਿ ਸਕੇ ਅਤੇ ਭੈਣਾਂ ਆਪਣੇ ਭਰਾਵਾਂ ਲਈ ਰੱਖੜੀਆਂ ਹੱਥੀ ਬਣਾਉਣ ਅਤੇ ਭਰਾ ਆਪਣੀਆਂ ਭੈਣਾਂ ਲਈ ਆਪਣੇ ਹੱਥਾਂ ਨਾਲ ਚਾਰਟ ਬਨਾਉਣ। ਉਨ੍ਹਾਂ ਦੱਸਿਆ ਕਿ ਰੱਖੜੀ ਮੁਕਾਬਲੇ ਵਿਚ ਹਾਊਸ ਏ ਦੀ ਵਿਦਿਆਰਥਣ ਨਵਪ੍ਰੀਤ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ, ਜਦੋਂ ਕਿ ਹਾਊਸ ਸੀ ਦੀ ਵਿਦਿਆਰਥਣ ਮਹਿਕਦੀਪ ਕੌਰ ਦੂਜਾ ਸਥਾਨ, ਹਾਊਸ ਬੀ ਦੀ ਵਿਦਿਆਰਥਣ ਜ਼ਸਪ੍ਰੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਉਨ੍ਹਾਂ ਕਿਹਾ ਕਿ ਕਾਰਡ ਮੇਕਿੰਗ ਮੁਕਾਬਲਿਆਂ ਵਿਚ ਹਾਊਸ ਬੀ ਦੀ ਵਿਦਿਆਰਥਣ ਕਿਰਨਜੋਤ ਕੌਰ ਨੇ ਪਹਿਲਾ ਸਥਾਨ, ਹਾਊਸ ਏ ਦੀ ਵਿਦਿਆਰਥਣ ਹਰਪ੍ਰੀਤ ਕੌਰ ਨੇ ਦੂਜਾ ਸਥਾਨ, ਹਾਊਸ ਸੀ ਦੀ ਵਿਦਿਆਰਥਣ ਚੇਸ਼ਟਾ ਬੱਤਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਜ਼ਸਪ੍ਰੀਤ ਕੌਰ ਨੇ ਜੇਤੂ ਬੱਚਿਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ। ਇਸ ਸਮੇਂ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

## ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਪ੍ਰਧਾਨ ਹਰਪਾਲ ਸਿੰਘ ਭੁੱਲਰ ਦੇ ਅਕਾਲ ਚਲਾਣਾ ਕਰ ਜਾਣ ਤੇ ਦੁੱਖ ਦਾ ਪ੍ਰਗਟਾਵਾ



ਫ਼ਿਰੋਜ਼ਪੁਰ, 22 ਅਗਸਤ (ਮਨੋਹਰ ਲਾਲ) :— ਸ: ਹਰਪਾਲ ਸਿੰਘ ਭੁੱਲਰ ਪ੍ਰਧਾਨ ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਅਕਾਲ ਚਲਾਣਾ ਕਰ ਜਾਣ ਤੇ ਬਰਮਿੰਘਮ ਯੂ.ਕੇ ਦੀ ਸੰਗਤਾਂ ਵੱਲੋਂ ਦੁੱਖ ਦਾ ਪ੍ਰਗਟਾਵਾ ਕਰਦਿਆਂ ਜ਼ਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਵਕੀਲ, ਜੁਝਾਰ ਸਿੰਘ, ਹਰਪਾਲ ਸਿੰਘ, ਨਿੰਦਰ ਕੌਰ, ਜ਼ਸਬੀਰ ਕੌਰ, ਨਗਿੰਦਰ ਕੌਰ, ਨਿਰੰਜਨ ਕੌਰ, ਗੁਰਪ੍ਰੀਤ ਸਿੰਘ ਗੋਪੀ, ਅਮਰੀਕ ਸਿੰਘ ਮਿਨਾ, ਮੁਖਤਿਆਰ ਸਿੰਘ ਜੱਬਲ, ਨਰਿੰਦਰ ਸਿੰਘ ਧੰਜਲ, ਹਰਜਿੰਦਰ ਸਿੰਘ ਸੈਂਭੀ, ਗੁਰਮੀਤ ਸਿੰਘ ਜੰਡ, ਧਰਮ ਸਿੰਘ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਸਖਸ਼ੀਅਤਾਂ ਨੇ ਆਖਿਆ ਕਿ ਸ: ਹਰਪਾਲ ਸਿੰਘ ਭੁੱਲਰ ਇਕ ਚੰਗੇ ਇਨਸਾਨ ਸਨ, ਉਨ੍ਹਾਂ ਹੁਣ ਤੱਕ 875 ਤੋਂ ਵੱਧ ਗਰੀਬ ਲੋੜਵੰਦ ਲੜਕੀਆਂ ਦੇ ਵਿਆਹ ਕਰਵਾਏ, ਉਥੇ ਨਾਲ ਹੀ ਹਰ ਸਾਲ ਤਿੰਨ ਦਿਨਾ ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਵੱਲੋਂ ਸਮਾਗਮ ਕਰਵਾਏ, ਉਥੇ ਉਹ ਗੁਰਦੁਆਰਾ ਜੱਸਾ ਸਿੰਘ ਰਾਮਗੜ੍ਹੀਆ ਦੇ ਸਾਰੀ ਉਮਰ ਪ੍ਰਧਾਨ ਰਹੇ, ਉਥੇ ਨਾਲ ਹੀ ਉਨ੍ਹਾਂ ਜੱਸਾ ਸਿੰਘ ਰਾਮਗੜ੍ਹੀਆ ਗੇਟ ਬਹੁਤ ਸੋਹਣਾ ਬਨਵਾਇਆ ਅਤੇ ਨਾਲ ਹੀ ਸਰਕਾਰ ਕੋਲੋਂ ਵਿਸ਼ਵ ਭਾਈ ਮਰਦਾਨਾ ਦੇ ਨਾਮ ਪਰ ਬਹੁਤ ਸੋਹਣਾ ਯਾਦਗਾਰੀ ਗੁਰਦੁਆਰਾ ਸਾਹਿਬ ਅਤੇ ਬਿਲਡਿੰਗ ਬਣਾਈ ਜ਼ੋ ਕਿ ਰਹਿੰਦੀ ਦੁਨਿਆ ਤੱਕ ਰਹੇਗੀ। ਭਾਈ ਹਰਪਾਲ ਸਿੰਘ ਭੁੱਲਰ ਜ਼ੋ ਕਿ 75 ਸਾਲ ਦੇ ਸਨ ਅਤੇ ਕੁਝ ਚਿਰਾਂ ਤੋਂ ਬਿਮਾਰ ਚੱਲ ਰਹੇ ਸਨ। ਇਸ ਤੋਂ ਇਲਾਵਾ ਉਹ ਬ੍ਰਹਮ ਗਿਆਨੀ ਧੰਨ—ਧੰਨ ਬਾਬਾ ਨੰਦ ਸਿੰਘ ਜੀ ਦੇ ਸਮਾਗਮਾਂ ਤੇ ਵੀ ਆਉਂਦੇ ਸੀ। ਅਸੀਂ ਵਾਹਿਗੁਰੂ ਜੀ ਅੱਗੇ ਅਰਦਾਸ ਬੇਨਤੀ ਕਰਦੇ ਹਾਂ ਕਿ ਵਾਹਿਗੁਰੂ ਸ: ਹਰਪਾਲ ਸਿੰਘ ਭੁੱਲਰ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ੇ, ਪਿਛੇ ਪਰਿਵਾਰ, ਰਿਸ਼ਤੇਦਾਰਾਂ, ਸਾਕ ਸਬੰਧੀਆਂ, ਮਿੱਤਰਾਂ, ਦੋਸਤਾਂ ਨੂੰ ਭਾਣਾ ਮੰਨਣ ਦਾ ਬੱਲ ਬਖਸ਼ੇ। ਉਨ੍ਹਾਂ ਦੀ ਅੰਤਿਮ ਅਰਦਾਸ ਅਤੇ ਪਾਠ ਦਾ ਭੋਗ 29 ਅਗਸਤ ਦਿਨ ਵੀਰਵਾਰ ਨੂੰ 12 ਤੋਂ ਇਕ ਵਜੇ ਤੱਕ ਵਿਸ਼ਵ ਭਾਈ ਮਰਦਾਨਾ ਕੀਰਤਨ ਦਰਬਾਰ ਸੁਸਾਇਟੀ ਨਜਦੀਕ ਸਿਵਲ ਹਸਪਤਾਲ ਫ਼ਿਰੋਜ਼ਪੁਰ ਸ਼ਹਿਰ ਵਿਖੇ ਪਾਇਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਜੀਐਸਟੀ ਦੇ ਮੁੱਦੇ 'ਤੇ ਅੱਜ ਬੋਰਡ ਸਕੱਤਰ ਅਤੇ

# ਗੈਰ-ਸਹਾਇਤਾ ਪ੍ਰਾਪਤ ਸਕੂਲ ਸੰਗਠਨਾਂ ਵਿਚਾਲੇ ਹੋਈ ਮੀਟਿੰਗ ਰਹੀ ਬੇਸਿੱਟਾ



**ਚੌਕ ਮਹਿਤਾ, 22ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਕੂਲ ਐਸੋਸੀਏਸ਼ਨ ਪੰਜਾਬ, ਈਸੀਐਸ, ਰਾਸਾ (ਯੂ ਕੇ) ਅਤੇ ਜੇਏਐਫ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸਕੱਤਰ ਨੂੰ ਪੱਤਰ ਲਿਖ ਕੇ ਗੈਰ-ਸਹਾਇਤਾ ਪ੍ਰਾਪਤ ਸਕੂਲਾਂ ਦੀਆਂ ਨਿਰੰਤਰ ਫੀਸਾਂ 'ਤੇ 18% ਜੀਐਸਟੀ ਲਗਾਉਣ ਦਾ ਵਿਰੋਧ ਕੀਤਾ ਸੀ। ਅਨਏਡਿਡ ਸਕੂਲਾਂ ਦੇ ਵਿਰੋਧ ਕਾਰਨ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸਕੱਤਰ ਨੇ ਅਨਏਡਿਡ ਸਕੂਲ ਸੰਗਠਨਾਂ ਦੀ ਮੀਟਿੰਗ ਬੁਲਾਈ ਹੈ। ਮੀਟਿੰਗ ਵਿੱਚ ਬੋਰਡ ਸਕੱਤਰ ਨੇ ਦੱਸਿਆ ਕਿ ਦਫ਼ਤਰ ਦੀਆਂ ਹਦਾਇਤਾਂ 'ਤੇ ਸਕੂਲਾਂ ਨੂੰ ਚਾਲੂ ਰੱਖਣ 'ਤੇ ਜੀ.ਐਸ.ਟੀ. ਉਨ੍ਹਾਂ ਕਿਹਾ ਕਿ ਜੀਐਸਟੀ ਵਿਭਾਗ ਨੇ ਬੋਰਡ ਨੂੰ ਬਕਾਇਆ ਜੀਐਸਟੀ ਜੁਰਮਾਨੇ ਸਮੇਤ ਜਮ੍ਹਾਂ ਕਰਵਾਉਣ ਲਈ ਨੋਟਿਸ ਜਾਰੀ ਕੀਤਾ ਹੈ। ਇਸ 'ਤੇ ਸਕੂਲ ਐਸੋਸੀਏਸ਼ਨ ਪੰਜਾਬ ਦੇ ਜਨਰਲ ਸਕੱਤਰ ਭੁਵਨੇਸ਼ ਭੱਟ ਅਤੇ ਚੇਅਰਮੈਨ ਹਰਪਾਲ ਸਿੰਘ ਰਾਸਾ ਯੂ.ਕੇ. ਨੇ ਬੋਰਡ ਸਕੱਤਰ ਦੇ ਸਾਹਮਣੇ ਜੀ.ਐੱਸ.ਟੀ. ਕੌਂਸਲ ਦੇ ਵੱਖ-ਵੱਖ ਸਰਕੂਲਰ ਪੇਸ਼ ਕੀਤੇ, ਜਿਸ 'ਚ ਸਪੱਸ਼ਟ ਲਿਖਿਆ ਗਿਆ ਹੈ ਕਿ ਸਿੱਖਿਆ ਨਾਲ ਸਬੰਧਤ ਸਰਟੀਫਿਕੇਟ, ਪ੍ਰੀਖਿਆ, ਪੜ੍ਹਾਈ, ਦਾਖਲਾ ਪ੍ਰੀਖਿਆ ਆਦਿ ਦੀਆਂ ਸਾਰੀਆਂ ਫੀਸਾਂ ਸੈਕੰਡਰੀ ਸਕੂਲ ਪੱਧਰ 'ਤੇ ਬੱਚਿਆਂ ਨੂੰ ST ਛੋਟ ਦਿੱਤੀ ਜਾਵੇਗੀ।

ਸਰਕੂਲਰ ਨੰਬਰ 151/07/2021 - ਜੀਐਸਟੀ 17 ਜੂਨ 2021, ਜਿਸ ਨੂੰ ਬੋਰਡ ਅਤੇ ਵਿਭਾਗ ਸਕੂਲਾਂ 'ਤੇ 18% ਜੀਐਸਟੀ ਲਾਗੂ ਕਰਨ ਲਈ ਅਧਾਰ ਬਣਾ ਰਹੇ ਹਨ, ਵਿੱਚ ਸਪੱਸ਼ਟ ਤੌਰ 'ਤੇ ਲਿਖਿਆ ਗਿਆ ਹੈ ਕਿ ਸਮਝੌਤੇ 'ਤੇ ਜੀਐਸਟੀ ਲਗਾਇਆ ਜਾਵੇਗਾ।

ਜਦੋਂ ਕਿ ©113 ਅਤੇ ©21, ਜੋ ਕਿ ਮਾਨਤਾ ਦੇਣ ਵਾਲੀਆਂ ਏਜੰਸੀਆਂ ਹਨ, ਦਾ ਮੰਨਣਾ ਹੈ ਕਿ ਮਾਨਤਾ ਕੇਵਲ ਇੱਕ ਗੁਣਵੱਤਾ ਸਰਟੀਫਿਕੇਟ ਹੈ, ਇਹ ਮਾਨਤਾ ਦਾ ਬਦਲ ਨਹੀਂ ਹੈ। ਇਸ ਲਈ, ਮਾਨਤਾ ਦੇ ਤੌਰ 'ਤੇ ਮਾਨਤਾ ਮੰਨਦੇ ਹੋਏ ਜੀ ਐਸ ਟੀ ਨੂੰ ਲਾਗੂ ਕਰਨਾ ਅਨੈਤਿਕ ਹੈ। ਜਿਸ 'ਤੇ ਬੋਰਡ ਅਧਿਕਾਰੀਆਂ ਨੇ ਆਪਣੇ ਪੱਧਰ 'ਤੇ ਇਸ ਮਾਮਲੇ 'ਚ ਕੁਝ ਕਰਨ ਤੋਂ ਅਸਮਰੱਥਾ ਪ੍ਰਗਟਾਈ ਹੈ। ਅਧਿਕਾਰੀਆਂ ਨੇ ਸਕੂਲ ਸੰਸਥਾਵਾਂ ਨੂੰ ਦੱਸਿਆ ਕਿ ਵਿਭਾਗੀ ਹੁਕਮਾਂ ਅਨੁਸਾਰ ਸਕੂਲਾਂ ਤੋਂ 2017-18 ਤੋਂ ਬਕਾਇਆ ਜੀਐਸਟੀ ਜਲਦੀ ਵਸੂਲਣ ਲਈ ਬੋਰਡ ਪੱਧਰ 'ਤੇ ਵਿਚਾਰ-ਵਟਾਂਦਰਾ ਚੱਲ ਰਿਹਾ ਹੈ ਇਸ ਮੌਕੇ ਰਾਸਾ ਯੂ.ਕੇ ਦੇ ਚੇਅਰਮੈਨ ਹਰਪਾਲ ਸਿੰਘ ਯੂ.ਕੇ ਨੇ ਬੋਰਡ ਅਧਿਕਾਰੀਆਂ ਨੂੰ ਆਡੀਸ਼ਨ ਸੈਕਸ਼ਨ ਦੀ ਸਮੱਸਿਆ ਸਬੰਧੀ ਸਕੂਲਾਂ ਦੀਆਂ ਮੰਗਾਂ ਤੋਂ ਜਾਣੂ ਕਰਵਾਇਆ। ਜਿਸ 'ਤੇ ਬੋਰਡ ਸਕੱਤਰ ਨੇ ਨਿਯਮਾਂ ਤਹਿਤ ਹਰ ਸੰਭਵ ਰਾਹਤ ਦੇਣ ਦਾ ਭਰੋਸਾ ਦਿੱਤਾ।

**ਸਕੂਲੀ ਜਥੇਬੰਦੀਆਂ ਨੇ ਸਰਬਸੰਮਤੀ ਨਾਲ ਇਸ ਮੁੱਦੇ 'ਤੇ ਹਾਈ ਕੋਰਟ ਤੱਕ ਪਹੁੰਚ ਕਰਨ ਦਾ ਫੈਸਲਾ ਕੀਤਾ ਹੈ**

ਜੀ.ਐਸ.ਟੀ ਦੇ ਮੁੱਦੇ 'ਤੇ ਬੋਰਡ ਅਧਿਕਾਰੀਆਂ ਨਾਲ ਹੋਈ ਮੀਟਿੰਗ ਬੇਸਿੱਟਾ ਰਹਿਣ ਤੋਂ ਬਾਅਦ ਮੀਟਿੰਗ 'ਚ ਹਾਜ਼ਰ ਸਮੂਹ ਸਕੂਲ ਸੰਗਠਨਾਂ ਨੇ ਸਰਬਸੰਮਤੀ ਨਾਲ ਜੀ.ਐੱਸ.ਟੀ ਦਾ ਮੁੱਦਾ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ 'ਚ ਲਿਜਾਣ ਦਾ ਫੈਸਲਾ ਕੀਤਾ ਮੀਟਿੰਗ ਵਿੱਚ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸਕੱਤਰ ਅਵਿਕੇਸ਼ ਗੁਪਤਾ (ਪੀਸੀਐਸ), ਸਹਾਇਕ ਸਕੱਤਰ ਗੁਰਤੇਜ ਸਿੰਘ, ਸਹਾਇਕ ਸਕੱਤਰ ਐਫੀਲੀਏਸ਼ਨ/ਐਸੋਸੀਏਸ਼ਨ ਸ਼ਾਖਾ, ਸੁਪਰਡੈਂਟ ਅਤੇ ਅਨਏਡਿਡ ਸਕੂਲਾਂ ਦੀ ਤਰਫੋਂ ਸਕੂਲ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਜਨਾਰਦਨ ਭੱਟ, ਸੀਨੀਅਰ ਮੀਤ ਪ੍ਰਧਾਨ ਕਮਲ ਨਯਨ ਸ਼ਰਮਾ, ਜਨਰਲ ਸਕੱਤਰ ਭੁਵਨੇਸ਼ ਭੱਟ, ਕੋਆਰਡੀਨੇਟਰ ਰਾਜੇਸ਼ ਨਾਗਰ ਦੇ ਸਲਾਹਕਾਰ ਬਲਜੀਤ ਸਿੰਘ ਨਿਰਮਾਣ, ਸੰਸਥਾ ਦੇ ਸਹਿ-ਸਕੱਤਰ ਜਸਪ੍ਰੀਤ ਸਿੰਘ ਛਾਬੜਾ, ਗਗਨਦੀਪ ਸ਼ਰਮਾ, ਈਸੀਐਸ ਹੈੱਡ ਪ੍ਰਦੀਪ ਕੁਮਾਰ, ਕੈਸ਼ੀਅਰ ਅਮਰਜੀਤ ਦੇਵਗਨ, ਸੀਨੀਅਰ ਵਾਈਸ ਹੈੱਡ ਬੀ.ਐਸ.ਬੇਦੀ, ਰਾਸਾ ਦੇ ਬਬਲੂ ਸ਼ਰਮਾ, ਜੇ.ਏ.ਐਫ ਦੇ ਪ੍ਰਧਾਨ ਸੁਰਜੀਤ ਸਿੰਘ, ਜਨਰਲ ਸਕੱਤਰ ਪ੍ਰਿਤਪਾਲ ਸਿੰਘ, ਸੀਨੀਅਰ ਮੀਤ ਪ੍ਰਧਾਨ ਵਿੱਕੀ ਨਰੂਲਾ, ਮੀਤ ਪ੍ਰਧਾਨ ਸੁਰਿੰਦਰ ਨੇਗੀ, ਰਾਸਾ (ਯੂ.ਕੇ.) ਦੇ ਚੇਅਰਮੈਨ ਹਰਪਾਲ ਸਿੰਘ ਯੂ.ਕੇ., ਪ੍ਰਧਾਨ ਰਵੀ ਸ਼ਰਮਾ, ਜਨਰਲ ਸਕੱਤਰ ਗੁਰਮੁੱਖ ਸਿੰਘ (ਅਰਜਨ ਮਾਂਗਾ), ਸ. ਐਚ.ਐਸ. ਕਠਾਨੀਆ, ਸ੍ਰੀ. ਰਵੀ ਕਠਾਨੀਆ, ਮੈਡਮ ਸਤਿੰਦਰ ਕੌਰ ਪੰਨੂ , ਸਰਦਾਰ ਗੁਰਮੀਤ ਸਿੰਘ ਅਤੇ ਸ. ਜਸਬੀਰ ਸਿੰਘ ਉਦੋਨੰਗਲ ਆਦਿ ਹਾਜ਼ਰ ਸਨ।

### ਬਾਬਾ ਬਕਾਲਾ ਸਾਹਿਬ ਵਿਖੇ ਜਥੇਦਾਰ ਬਾਬਾ ਮੇਜਰ ਸਿੰਘ ਜੀ 'ਤੇ ਹੋਏ ਹਮਲੇ ਦੀ ਸਖਤ ਸ਼ਬਦਾਂ 'ਚ ਨਿੰਦਾ

# ਪੰਜਾਬ ਦਾ ਮਾਹੌਲ ਖਰਾਬ ਕਰਨਾ ਚਾਹੁੰਦੇ ਸ਼ਰਾਰਤੀ ਅਨਸਰ : ਬਾਬਾ ਸੁੱਖਾ ਸਿੰਘ

**ਜੰਡਿਆਲਾ ਗੁਰੂ, 22 ਅਗਸਤ ( ਕੁਲਵੰਤ ਸਿੰਘ ਵਿਰਦੀ)**-ਪੰਜਾਬ ਵਿੱਚ ਆਏ ਦਿਨ ਲੁਟਾਂ ਖੋਹਾਂ ਅਤੇ ਗੋਲੀ ਚੱਲਣ ਦੀਆਂ ਵਾਰਦਾਤਾਂ ਆਮ ਜਿਹੀ ਗੱਲ ਹੋ ਗਈ ਹੈ ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਹੋਇਆਂ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸ਼ਿਮਲੇ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਨੇ ਅੱਗੇ ਕਿਹਾ ਕਿ ਬੀਤੇ ਦਿਨ ਰੱਖੜ ਪੁੰਨਿਆਂ ਮੌਕੇ ਸਿਆਸੀ ਕਾਨਫਰੰਸਾਂ ਹੋਈਆਂ ਜਿੱਥੇ ਸੁਰੱਖਿਆ ਪ੍ਰਬੰਧ ਸਖ਼ਤ ਕੀਤੇ ਗਏ ਲੇਕਿਨ ਬਾਬਾ ਬਕਾਲਾ ਸਾਹਿਬ ਵਿਖੇ ਇਤਿਹਾਸਕ ਜੋੜ ਮੇਲਾ ਸਾਚਾ ਗੁਰ ਲਾਧੋ ਰੇ ਹਰ ਸਾਲ ਮਨਾਇਆ ਜਾਂਦਾ ਹੈ ਅਤੇ ਪੰਜਾਬ ਭਰ ਤੋਂ ਲੈਕੇ ਕਿ ਦੂਰ ਦਰਾਡੇ ਤੋਂ ਸੰਗਤਾਂ ਇਸ ਪਾਵਨ ਧਰਤੀ ਤੇ ਨਤਮਸਤਕ ਹੁੰਦੀਆਂ ਹਨ ਅਤੇ ਆਏ ਸਾਲ ਪਾਵਨ ਧਰਤੀ ਬਾਬਾ ਬਕਾਲਾ ਸਾਹਿਬ ਵਿਖੇ ਸੰਤ ਸਮਾਜ, ਸਮੂਹ ਗੁਰੂ ਨਾਨਕ ਲੇਵਾ ਜਥੇਬੰਦੀਆਂ ਤੇ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਮੁਹੱਲਾ ਕੱਢਿਆ ਜਾਂਦਾ ਹੈ ਲੇਕਿਨ ਇਸ ਵਾਰ ਸੁਰੱਖਿਆ ਪ੍ਰਬੰਧਾਂ ਉਪਰ ਸਵਾਲੀਆ ਚਿੰਨ੍ਹ ਲੱਗਦਾ ਹੈ ਕਿ ਐਸੇ ਜੋੜ ਮੇਲਿਆਂ ਵਿਚ ਹਥਿਆਰ ਬੰਦ ਸ਼ਰਾਰਤੀ ਅਨਸਰ ਕਿਵੇਂ ਪਹੁੰਚ ਜਾਂਦੇ ਹਨ ਜੋ ਪੰਜਾਬ ਦੀ ਸ਼ਾਂਤੀ ਨੂੰ ਲਾਂਬੂ ਲਾਉਣਾ ਚਾਹੁੰਦੇ ਹਨ ਇਸ ਵਾਰ ਵੀ ਸੰਤ ਸਮਾਜ, ਸਮੂਹ ਗੁਰੂ ਨਾਨਕ ਲੇਵਾ ਜਥੇਬੰਦੀਆਂ ਅਤੇ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਕੱਢੇ ਗਏ ਮੁਹੱਲੇ ਦੌਰਾਨ ਸ਼੍ਰੋਮਣੀ ਦਸ਼ਮੇਸ਼ ਤਰਨਾ ਦਲ ਦੇ ਮੁੱਖੀ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਜੀ ਉਪਰ ਜਾਨ ਲੇਵਾ ਹਮਲਾ ਕੀਤਾ ਗਿਆ ਜਿਸ ਦੀ ਘੋਰ ਸ਼ਬਦਾਂ ਵਿੱਚ ਨਿੰਦਾ ਕੀਤੀ ਜਾਂਦੀ ਹੈ ਅੱਗੇ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਇਹ ਤਾਂ ਪ੍ਰਮਾਤਮਾ ਦੀ ਕਿਰਪਾ ਹੈ ਕਿ ਇਸ ਚੱਲੀ ਗੋਲੀ ਵਿੱਚ ਜਥੇਦਾਰ ਬਾਬਾ ਮੇਜ਼ਰ ਸਿੰਘ ਜੀ ਵਾਲ ਵਾਲ ਬਚ ਗਏ ਲੇਕਿਨ ਇਸ ਗੋਲੀ ਕਾਂਡ ਵਿੱਚ ਇੱਕ ਨਿਹੰਗ ਸਿੰਘ ਦੇ ਗੋਲੀ ਲੱਗਣ ਕਾਰਨ ਉਸ ਦੀ ਮੌਤ ਹੋ ਗਈ ਜਿਸ ਦਾ ਗਹਿਰਾ ਦੁੱਖ ਹੈ ਅਸੀਂ ਪੰਜਾਬ ਸਰਕਾਰ ਕੋਲੋਂ ਮੰਗ ਕਰਦੇ ਹਾਂ ਕਿ ਇਸ ਮਾਮਲੇ ਦੀ ਬਰੀਕੀ ਨਾਲ ਜਾਂਚ ਕਰਕੇ ਦੋਸ਼ੀਆਂ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਇਸ ਤਰ੍ਹਾਂ ਦੀ ਦੁਬਾਰਾ ਘਟਨਾ ਨਾ ਵਾਪਰੇ ਅੱਗੇ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਸੋਸ਼ਲ ਮੀਡੀਆ ਤੇ ਸ਼ਰਾਰਤੀ ਅਨਸਰਾਂ ਵੱਲੋਂ ਕਿਹਾ ਜਾ ਰਿਹਾ ਹੈ ਕਿ ਇਹ ਜਥੇਬੰਦੀਆਂ ਦੀ ਆਪਣੀ ਲੜਾਈ ਹੈ ਬਲਕਿ ਸਮੂਹ ਜਥੇਬੰਦੀਆਂ ਇਕ ਹਨ ਪਰ ਸ਼ਰਾਰਤੀ ਅਨਸਰ ਐਸੀਆਂ ਕੋਝੀਆਂ ਹਰਕਤਾਂ ਕਰਕੇ ਪ੍ਰਸ਼ਾਸਨ ਤੇ ਸਰਕਾਰ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਹੇ ਹਨ।



# ਅੱਜ ਸਿੱਖ ਕੰਨਿਆ ਮਹਾਂਵਿਦਿਆਲਾ ਸਕੂਲ ਵਿਚ ਸੀਨੀਅਰ ਸਿਟੀਜਨ (ਬਜ਼ੁਰਗ ਦਿਵਸ) ਅਮਲੀ ਰੂਪ ਵਿਚ ਮਨਾਇਆ ਗਿਆ—ਪੀ.ਸੀ ਕੁਮਾਰ



ਫ਼ਿਰੋਜ਼ਪੁਰ, 22 ਅਗਸਤ (ਮਨੋਹਰ ਲਾਲ) :— ਪਹਿਲਾਂ ਦੀ ਤਰ੍ਹਾਂ ਅੱਜ ਫਿਰ ਸਿੱਖ ਕੰਨਿਆ ਮਹਾਂਵਿਦਿਆਲਾ ਸਕੂਲ ਵਿਚ ਸ੍ਰੀ ਪੀ.ਸੀ ਕੁਮਾਰ ਸੇਵਾ ਮੁਕਤ ਮਾਸ ਮੀਡੀਆ ਅਫਸਰ ਸਿਹਤ ਵਿਭਾਗ ਅਫਸਰ, ਸੀਨੀਅਰ ਸਿਟੀਜਨ, ਐਕਸ ਮੀਤ ਪ੍ਰਧਾਨ ਨਗਰ ਕੌਂਸਲ ਫ਼ਿਰੋਜ਼ਪੁਰ, ਸਮਾਜ ਸੁਧਾਰਕ ਸਕੂਲ ਵਿਚ ਬੱਚਿਆਂ, ਅਧਿਆਪਕਾਂ, ਮਾਪਿਆਂ ਨੂੰ ਇਸ ਵਿਸ਼ੇ ਤੇ ਸਮਝਾਉਂਦੇ ਹੋਏ ਇਸ ਗੱਲ ਤੇ ਜ਼ੋਰ ਦਿੱਤਾ ਕਿ ਜੇ ਅਸੀਂ ਸ਼ਹੀਦਾਂ ਦੇ ਸੁਪਨਿਆਂ ਦਾ ਭਾਰਤ ਸਮਾਜ, ਦੇਸ਼ ਦੁਨੀਆਂ ਨੂੰ ਬਨਾਉਣਾ ਚਾਹੁੰਦੇ ਹਾਂ ਤਾਂ ਸਾਨੂੰ ਆਪਣੇ ਘਰ, ਸਕੂਲਾਂ, ਸਮਾਜ, ਦੇਸ਼ ਵਿਚ ਬਜ਼ੁਰਗਾਂ ਦੇ ਪਾਏ ਹੋਏ ਪੂਰਨਿਆਂ ਤੇ ਚੱਲਣਾ, ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਅਮਲ ਵਿਚ ਲਿਆਉਣਾ ਜਿਵੇਂ ਕਿ ਕਹਿੰਦੇ ਹਨ ਸਿਆਣੇ ਦਾ ਕਿਹਾ ਆਂਵਲੇ ਦਾ ਖਾਦਾ ਇਸ ਦਾ ਦੇਰ ਨਾਲ ਅਸਰ ਹੁੰਦਾ ਹੈ, ਪਰ ਹੁੰਦਾ ਹਮੇਸ਼ਾ ਵਧੀਆ ਹੈ। ਅੱਜ ਸਾਡੇ ਘਰ, ਸਮਾਜ, ਸਕੂਲ ਤੇ ਦੇਸ਼ ਨਰਕ ਦਾ ਰੂਪ ਧਾਰਨ ਕਰ ਲਿਆ ਹੈ, ਜਿਸ ਦਾ ਇਕੋ—ਇਕ ਕਾਰਨ ਅੱਜ ਬਜ਼ੁਰਗਾਂ ਨੂੰ ਘਰ, ਸਕੂਲ, ਸਮਾਜ ਵਿਚ ਚੰਗਾ ਮਾਰਗ ਦਰਸ਼ਨ ਨਹੀਂ ਮਿਲ ਰਿਹਾ। ਬੱਚਿਆਂ ਨੂੰ ਅਮਲੀ ਰੂਪ ਵਿਚ ਸਤਿਕਾਰ ਕਰਨ ਦੀ ਸਿੱਖਿਆ ਦੇਣੀ ਚਾਹੀਦੀ ਹੈ। ਇਸ ਮੌਕੇ ਸਮੂਹ ਮੈਂਬਰ ਔ.ਪੀ ਚਾਵਲਾ, ਡੀ.ਕੇ, ਅਸ਼ਵਨੀ ਮੌਂਗਾ ਵੀ ਹਾਜ਼ਰ ਸਨ।

# ਮਨੁੱਖੀ ਅਧਿਕਾਰ ਵੈਲਫੇਅਰ ਸੁਸਾਇਟੀ ਨੇ ਫ਼ਿਰੋਜ਼ਪੁਰ ਵਿਖੇ ਦਫਤਰ ਦਾ ਕੀਤਾ ਉਦਘਾਟਨ

ਫ਼ਿਰੋਜ਼ਪੁਰ, 22 ਅਗਸਤ (ਮਨੋਹਰ ਲਾਲ) :— ਮਨੁੱਖੀ ਅਧਿਕਾਰ ਵੈਲਫੇਅਰ ਸੁਸਾਇਟੀ ਫਿਰੋਜ਼ਪੁਰ ਵੱਲੋਂ ਬਾਰਡਰ ਰੋਡ (ਨੇੜੇ ਐਫ.ਸੀ.ਆਈ ਗੁਦਾਮ) ਤੇ ਦਫਤਰ ਦਾ ਉਦਘਾਟਨ ਕੀਤਾ ਗਿਆ। ਇਸ ਸਮੇਂ ਕਿਸ਼ਨ ਜਾਗੋਵਾਲੀਆ ਜ਼ਿਲ੍ਹਾ ਪ੍ਰਧਾਨ ਪੰਜਾਬ ਸਟੇਟ ਪੈਨਸ਼ਨਰ ਕਨਫੈਡਰੇਸਨ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਇਸ ਮੌਕੇ ਪੰਜਾਬ ਪ੍ਰਧਾਨ ਪ੍ਰੀਤਮ ਸਿੰਘ ਜੋਸਨ ਨੇ ਗਰੀਬ ਲੋਕਾਂ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਵਿਸਤਾਰ ਪੂਰਵਕ ਜਾਣਕਾਰੀ ਦਿੱਤੀ। ਉਹਨਾਂ ਕਿਹਾ ਕਿ ਸਿਵਲ ਪ੍ਰਸ਼ਾਸਨ ਤੇ ਪੁਲਿਸ ਪ੍ਰਸ਼ਾਸਨ ਵਿੱਚ ਗਰੀਬ ਲੋਕਾਂ ਦੀ ਸੁਣਵਾਈ ਨਹੀਂ ਹੋ ਰਹੀ, ਉਨ੍ਹਾਂ ਕਿਹਾ ਕਿ ਕੋਈ ਵੀ ਪੀੜਿਤ ਵਿਅਕਤੀ ਉਨ੍ਹਾਂ ਦੇ ਦਫਤਰ ਆ ਕੇ ਸੁਸਾਇਟੀ ਦੇ ਮੈਂਬਰਾਂ ਨੂੰ ਆਪਣੀ ਸਮੱਸਿਆ ਦੱਸ ਸਕਦਾ ਹੈ, ਜਿਸ ਦੀ ਬਗੈਰ ਕਿਸੇ ਲਾਲਚ ਤੋਂ ਹਰ ਤਰ੍ਹਾਂ ਨਾਲ ਮਦਦ ਕੀਤੀ ਜਾਵੇਗੀ। ਚੇਅਰਮੈਨ ਰਮੇਸ਼ ਕੁਮਾਰ ਭੱਟੀ ਨੇ ਕਿਹਾ ਕਿ ਸੁਸਾਇਟੀ ਦਾ ਦਫਤਰ ਗਰੀਬ ਲੋਕਾਂ ਦੀ ਭਲਾਈ ਲਈ ਹਰ ਵਕਤ ਖੁੱਲਾ ਰਹੇਗਾ। ਇਸ ਸਮੇਂ ਮਲਕੀਤ ਸਿੰਘ ਜਿਲਾ ਪ੍ਰਧਾਨ, ਮੰਗਲ ਸਿੰਘ ਆਲੀਕੇ ਜਾਇੰਟ ਸੈਕਟਰੀ ਪੰਜਾਬ, ਹਰਨਾਮ ਸਿੰਘ ਤੇ ਪ੍ਰਕਾਸ਼ ਸਿੰਘ ਮੀਤ ਪ੍ਰਧਾਨ, ਦਲੀਪ ਸਿੰਘ ਬਲਾਕ ਪ੍ਰਧਾਨ ਸ਼ਹਿਰੀ, ਗੁਰਦੇਵ ਸਿੰਘ ਰਾਹੂਕੇ ਉਤਾੜ ਬਲਾਕ ਪ੍ਰਧਾਨ ਛਾਉਣੀ, ਸੋਨੂ ਭੰਡਾਰੀ ਦਫਤਰ ਸੈਕਟਰੀ, ਕਰਮਾ ਸਿੰਘ ਪ੍ਰੈਸ ਸਕੱਤਰ ਆਦਿ ਆਗੂ ਹਾਜ਼ਰ ਸਨ।

# ਪੰਜ ਸਟਾਫ ਨਰਸਾਂ ਦੀ ਬਦਲੀ ਦੌਰਾਨ ਕੀਤੀ ਫੇਅਰਵੇਲ ਪਾਰਟੀ





**ਚੌਕ ਮਹਿਤਾ, 22 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਿਵਲ ਹਸਪਤਾਲ ਵਿਖੇ ਸਟਾਫ ਨਰਸ ਦੇ ਤੌਰ ਤੇ ਕੰਮ ਕਰ ਰਹੀਆਂ ਪੰਜ ਸਟਾਫ ਨਰਸਾਂ ਨੂੰ ਉਹਨਾਂ ਦੀ ਬਦਲੀ ਹੋਣ ਉਪਰੰਤ ਡਿਊਟੀ ਤੋਂ ਰਿਲੀਵ ਕਰਦੇ ਹੋਏ ਉਹਨਾਂ ਨੂੰ ਫੇਅਰ ਵੈੱਲ ਪਾਰਟੀ ਦਿੱਤੀ ਗਈ। ਇਸ ਮੌਕੇ ਡਾਕਟਰ ਪ੍ਰੀਤ ਵੀਨ ਕੌਰ ਸੰਧੂ ਸੀਨੀਅਰ ਮੈਡੀਕਲ ਅਫਸਰ ਅਤੇ ਸਿਵਲ ਹਸਪਤਾਲ ਦੇ ਸੁਪਰਡੇਂਟ ਗੁਰੂਮੀਤ ਸਿੰਘ ਆਚਾਰੀਆ, ਡਾਕਟਰ ਸਰਤਾਜ ਸਿੰਘ, ਕਮਲਜੀਤ ਕੌਰ ਸਟਾਫ ਨਰਸ, ਸੰਦੀਪ ਕੌਰ ਸਟਾਫ ਨਰਸ, ਸੁਨੀਤਾ, ਮਮਤਾ, ਸਵੀਟੀ, ਯੂਨਿਸ, ਸਿਮਰਨ, ਕਿਰਨਦੀਪ ਕੌਰ, ਦਲਜੀਤ ਕੌਰ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਕੌਮੀ ਯੋਧੇ ਭਾਈ ਗੁਰਮੀਤ ਸਿੰਘ ਇਜਨੀਅਰ ਦਾ

# ਰਾਗੀ ਅਮਨਦੀਪ ਕੌਰ ਮਜੀਠਾ ਵਲੋਂ ਸਵਿਫਟ ਗੱਡੀ ਨਾਲ ਸਨਮਾਨ







ਪੰਜਾਬ ਦੇ ਜਾਲਮ ਮੁੱਖ ਮੰਤਰੀ ਬੇਅੰਤ ਸਿਓ ਕੇਸ ਵਿੱਚ ਅਹਿਮ ਕਿਰਦਾਰ ਭਾਈ ਗੁਰਮੀਤ ਸਿੰਘ ਇਜਨੀਅਰ ਦਾ ਰਾਗੀ ਅਮਨਦੀਪ ਕੌਰ ਮਜੀਠਾ ਵਲੋਂ ਸਵਿਫਟ ਗੱਡੀ ਨਾਲ ਮਾਨ ਸਨਮਾਨ ਕੀਤਾ ਗਿਆ ਯਾਦ ਰਹੇ ਭਾਈ ਗੁਰਮੀਤ ਸਿੰਘ ਜੀ ਜਿਨ੍ਹਾਂ ਦਾ ਜੱਦੀ ਪਿੰਡ ਰਸੂਲੜਾ ਖੰਨੇ ਕੋਲ ਹੈ ਪਰ ਉਹ ਲੰਮੇ ਸਮੇ ਤੋ ਪਟਿਆਲਾ ਵਿਖ਼ੇ ਰਹਿ ਰਹੇ ਹਨ ਭਾਈ ਸਾਬ ਜੇਲ੍ਹ ਵਿੱਚੋ ਆਉਣ ਮਗਰੋਂ ਆਉਣ ਜਾਣ ਲਈ ਕੋਈ ਪ੍ਰਬੰਧ ਨਾ ਹੋਣ ਕਰਕੇ ਅਕਸਰ ਮੋਟਰਸਾਈਕਲ ਤੇ ਆਉਂਦੇ ਜਾਂਦੇ ਸਨ ਓਨਾ ਦੇ ਬਜ਼ੁਰਗ ਮਾਤਾ ਜੀ ਨੇ ਤੇ ਓਨਾ ਦੀਂ ਸਿੰਘਣੀ ਨੇ ਵੀ ਨਾਲ ਜਾਣਾ ਹੁੰਦਾ ਸੋਂ ਓਨਾ ਦੀਂ ਲੋੜ ਨੂੰ ਦੇਖਦੇ ਹੋਏ ਰਾਗੀ ਮਜੀਠਾ ਨੇ ਆਪਣੀ ਪ੍ਰਚਾਰ ਵਾਲੀ ਸਵਿਫਟ ਗੱਡੀ ਅੱਜ ਗੁਰਦਵਾਰਾ ਮੋਤੀ ਬਾਗ ਸਾਹਿਬ ਪਟਿਆਲਾ ਵਿਖ਼ੇ ਭਾਈ ਗੁਰਮੀਤ ਸਿੰਘ ਇਜਨੀਅਰ ਨੂੰ ਭੇਟ ਕਰ ਦਿੱਤੀ ਗਈ ਹੈ ਅਸੀ ਭੈਣ ਅਮਨਦੀਪ ਕੌਰ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਾਂ

-ਪਰਗਟ ਸਿੰਘ ਨਿੱਝਰ

ਆਵਾਜ਼ਿ ਕੌਮ AWAZE QAUM International Newspaper & WEB TV

## ਆਮ ਆਦਮੀ ਕਲੀਨਕ ਨਾਮ ਦੀ ਸਕੀਮ ਆਪ ਸਰਕਾਰ ਦੇ ਗਲੇ ਵਿੱਚ ਫਸੀ ਹੱਡੀ : ਡਾ ਦਲੇਰ ਸਿੰਘ ਮੁਲਤਾਨੀ

# ਨਾਮ ਨਹੀਂ, ਸਕੀਮ ਹੀ ਹੱਡੀ ਹੈ



**ਚੌਂਕ ਮਹਿਤਾ, 22 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਕੱਟੜ ਇਮਾਨਦਾਰ ਸਰਕਾਰ ਦੀ ਕੱਟੜ ਇਮਾਨਦਾਰ ਨੀਤੀ ਰਾਹੀ ਦਿੱਲੀ ਤੋਂ ਲੈ ਕੇ ਆਈ ਮੁਹੱਲਾ ਕਲੀਨਿਕ ਜਿਸ ਦਾ ਨਾਮ ਪੰਜਾਬ ਵਿੱਚ ਬਦਲ ਕੇ ਆਮ ਆਦਮੀ ਕਲੀਨਿਕ ਰੱਖ ਲਿਆ ।ਪਰ ਇਮਾਨਦਾਰ ਸਰਕਾਰ ਨੂੰ ਇਹ ਪਤਾ ਨਹੀਂ ਸੀ ਕਿ ਮੁਹੱਲਾ ਕਲੀਨਿਕ / ਆਮ ਆਦਮੀ ਕਲੀਨਿਕ ਨਾਮ ਦੀ ਸਟੇਟ ਜਾਂ ਸੈਂਟਰ ਦੀ ਕੋਈ ਸਕੀਮ ਨਹੀਂ ।ਇਹੀ ਕਾਰਨ ਕਿ ਦਿੱਲੀ ਵਿੱਚ ਇੱਕ ਹਜ਼ਾਰ ਬਣਾਉਣੇ ਸੀ ਪਰ ਤਕਰੀਬਨ ਦੱਸ ਸਾਲਾਂ ਵਿੱਚ ਪੰਜ ਸੌ ਬਣਾਏ ਤੇ ਮੀਡੀਆ ਰਿਪੋਰਟ ਮੁਤਾਬਕ ਅੱਧੇ ਚੱਲਦੇ ਅਤੇ ਅੱਧੇ ਬੰਦ ਪਏ ।ਪੰਜਾਬ ਵਿਚ ਵੀ ਸੌਲਾਂ ਹਜ਼ਾਰ ਐਲਾਨੇ ਸੀ ਪਰ ਅੱਠ ਸੌ ਦੇ ਕਰੀਬ ਆਮ ਆਦਮੀ ਕਲੀਨਿਕ ਪਹਿਲਾਂ ਬਣੇ ਸੁਵਿਧਾ ਸੈਂਟਰ ਜਾਂ ਪੀ ਐਚ ਸੀ / ਮਿਨੀ ਪੀ ਐਚ ਸੀ / ਡਿਸਪੈਂਸਰੀ / ਸਬ ਸੈਂਟਰ ਆਦਿ ਵਿੱਚ ਪੋਚਾ ਫੇਰ ਕੇ ਨਾਮ ਕਰਨ ਤਾਂ ਕਰ ਲਿਆ ਪਰ ਸਟਾਫ ਦੀ ਤਨਖਾਹ ਅਤੇ ਬਾਕੀ ਕਥਿਤ ਵਰਡ ਕਲਾਸ ਸੇਵਾਵਾਂ ਬਣ ਗਈਆਂ ਗਲੇ ਦਾ ਫੰਦਾ ।ਝੂਠ ਮਾਰ ਕੇ ਅਯੂਸਮਾਨ ਭਾਰਤ ਹੇਠ ਐਨ ਐਚ ਐਮ ਦੇ ਆਉਂਦੇ ਫੰਡ ਵਰਤਦੇ ਰਹੇ ਪਰ ਜਦੋਂ ਸੈਂਟਰ ਸਰਕਾਰ ਨੂੰ ਫੰਡਾਂ ਦੀ ਦੁਰਵਰਤੋਂ ਬਾਰੇ ਜਾਣੂ ਕਰਵਾਇਆ ਤਾਂ ਸੈਂਟਰ ਨੇ ਫੰਡ ਬੰਦ ਕਰ ਦਿੱਤੇ ।ਹੁਣ ਜਦੋਂ ਤਨਖਾਹਾਂ ਦਾ ਪਾਲ਼ਾ ਪਿਆ ਤਾਂ ਸੁਣਿਆ ਕਿ ਕਹਿੰਦੇ ਐਚ ਡਬਲਯੂ ਸੀ ( ਸਿਹਤ ਅਤੇ ਤੰਦਰੁਸਤੀ ਸੈਂਟਰ ) ਜੋ ਕਿ ਐਨ ਐਚ ਐਮ ਹੇਠ ਸਕੀਮ ਹੈ ਦਾ ਨਾਮ ਬਦਲ ਕੇ ਆਮ ਆਦਮੀ ਕਲੀਨਿਕ ਚਲਾਉਣਗੇ ।ਪਰ ਯਾਦ ਰੱਖੋ ਐਚ ਡਬਲਯੂ ਸੀ ਦਾ ਕੰਮ ਅਤੇ ਸਟਾਫ ਆਮ ਆਦਮੀ ਕਲੀਨਿਕ ਤੋਂ ਬਿਲਕੁਲ ਵੱਖਰਾ ਹੈ।ਨਾਲੇ ਇੱਥੇ ਫੰਡ ਦੁਰਵਰਤੋਂ ਆਮ ਆਦਮੀ ਕਲੀਨਿਕ ਨਾਮ ਦੀ ਨਹੀਂ ਸਗੋਂ ਆਮ ਆਦਮੀ ਕਲੀਨਿਕ ਸਕੀਮ ਦੀ ਹੈ ਜੋ ਸੈਂਟਰ ਅਤੇ ਸਟੇਟਾਂ ਵਿਚ ਕਿਤੇ ਵੀ ਨਹੀਂ । ਇਕ ਹੋਰ ਬਹੁਤ ਜ਼ਰੂਰੀ ਜਾਣਕਾਰੀ ਕਿ ਐਨ ਐਚ ਐਮ ਵਿਚ ਬਹੁਤੀਆਂ ਸਕੀਮਾਂ ਵਿੱਚ ਪੈਸੇ ਸੱਠ ਚਾਲੀ ਦੇ ਅਨੁਪਾਤ ਵਿੱਚ ਪਾਉਣੇ ਮਤਲਬ ਸੱਠ ਪ੍ਰਤੀਸ਼ਤ ਸੈਂਟਰ ਅਤੇ ਚਾਲੀ ਪ੍ਰਤੀਸ਼ਤ ਸਟੇਟ ਨੇ ਪਾਉਣੇ ਪਰ ਕਈ ਸਟੇਟਾਂ ਅਪਣਾ ਬਣਦਾ ਚਾਲੀ ਪ੍ਰਤੀਸ਼ਤ ਨਹੀਂ ਪਾਉਂਦੀਆਂ। ਇਸੇ ਕਰਕੇ ਕਈ ਥਾਂ ਇਹ ਸਕੀਮਾਂ ਅੱਧੀਆਂ ਅਧੂਰੀਆਂ ਚਲਦੀਆਂ ਜਿਸ ਵਿੱਚ ਪੰਜਾਬ ਤਾਂ ਸ਼ਰੇਆਮ ਦੁਰਵਰਤੋਂ ਕਰ ਰਹੀ ਤੇ ਨਾਹਰੇ ਵਰਡ ਕਲਾਸ ਸਿਹਤ ਸੇਵਾਵਾਂ ਦੇ ਲਗਾਉਦੇ ।ਇਕ ਗੱਲ ਹੋਰ ਯਾਦ ਰੱਖੋ ਜੇਕਰ ਐਨ ਐਚ ਐਮ ਨਾ ਹੋਵੇ ਤਾਂ ਪੰਜਾਬ ਸਰਕਾਰ ਸਿਹਤ ਮੁਲਾਜ਼ਮਾਂ ਨੂੰ ਤਨਖਾਹਾਂ ਨਹੀਂ ਦੇ ਸਕਦੀ , ਮੁਫ਼ਤ ਸਿਹਤ ਸੇਵਾਵਾਂ ਤਾਂ ਬਹੁਤ ਦੂਰ ਦੀ ਗੱਲ ਪੰਜਾਬ ਸਰਕਾਰ ਯਾਦ ਰੱਖੋ ਮੇਰੇ ਸਮੇਤ ਬਹੁਤ ਸਾਰੇ ਹੋਰ ਦੋਸਤਾਂ ਨੇ ਪਹਿਲੇ ਦਿਨ ਹੀ ਦੱਸ ਦਿੱਤਾ ਸੀ ਬਲਕਿ ਚੋਣਾਂ ਤੋਂ ਪਹਿਲਾਂ ਵੀ ਮੇਰੇ ਵੱਲੋਂ ਮੀਡੀਆ ਵਿੱਚ ਬਾਰ ਬਾਰ ਬੋਲਿਆ/ ਲਿਖਿਆ ਗਿਆ ਸੀ ਕਿ ਮੁਹੱਲਾ ਕਲੀਨਿਕ ਨਾਮ ਦੀ ਕੋਈ ਸਕੀਮ ਨਹੀਂ ਅਤੇ ਤੁਸੀਂ ਨਹੀ ਚਲਾ ਪਾਓਗੇ ।ਜੇਕਰ ਹੁਣ ਕੇਂਦਰ ਤੁਹਾਨੂੰ ਨਿਯਮਾਂ ਮੁਤਾਬਕ ਬਜਟ ਨਹੀ ਦੇ ਰਿਹਾ ਤਾਂ ਸੈਂਟਰ ਠੀਕ ਹੈ ।ਦੂਸਰਾ ਜੇਕਰ ਤੁਸੀ ਮੁਹੱਲਾ ਕਲੀਨਿਕ ਸਕੀਮ ਬੰਦ ਨਹੀਂ ਕਰਦੇ ਤਾਂ ਤੁਸੀਂ ਬਾਕੀ ਸਿਹਤ ਸੰਸਥਾਵਾਂ ਅਤੇ ਸਿਹਤ ਸੇਵਾਵਾਂ ਬੰਦ ਕਰਨ ਕਿਨਾਰੇ ਲੈ ਜਾਓਗੇ। ਜ਼ਿਹਨਾਂ ਬਾਰੇ ਰੋਜ਼ਾਨਾ ਖ਼ਬਰਾਂ ਛੱਪਦੀਆਂ ਕਿ ਕਦੀ ਬਿਜਲੀ ਨਹੀਂ ਕਦੀ ਡਾਕਟਰ / ਦਵਾਈ ਨਹੀਂ ਕੇਂਦਰ ਸਰਕਾਰ ਅਤੇ ਮਾਣਯੋਗ ਗਵਰਨਰ ਪੰਜਾਬ ਜੀ ਨੂੰ ਚਾਹੀਦਾ ਹੈ ਕਿ ਪਿਛਲੇ ਢਾਈ ਸਾਲ਼ਾਂ ਵਿੱਚ ਜੋ ਪੈਸਾ ਆਮ ਆਦਮੀ ਕਲੀਨਿਕਾਂ ਤੇ ਖ਼ਰਚਿਆ ਗਿਆ ਉਸ ਦਾ ਪੂਰਾ ਹਿਸਾਬ ਲਵੋ ਤਾਂ ਕਿ ਪਤਾ ਲੱਗ ਸਕੇ ਕਿ ਪੈਸੇ ਦੀ ਦੁਰਵਰਤੋਂ ਕਿਵੇਂ ਹੋਈ ਪੰਜਾਬ ਸਰਕਾਰ ਅਜੇ ਵੀ ਸਮਝ ਜਾਓ ਤੇ ਲੋਕਾਂ ਕੋਲੋਂ ਸਿਹਤ ਅਤੇ ਸਿੱਖਿਆ ਦੇ ਨਾਮ ਤੇ ਝੂਠ ਮਾਰ ਕੇ ਜਿੱਤ ਦੀ ਮਾਫੀ ਮੰਗ ਕੇ ਨਿਯਮਾਂ ਮੁਤਾਬਕ ਸਰਕਾਰ ਚਲਾਓ।

ਆਵਾਜ਼ਿ ਕੌਮ AWAZE QAUM International Newspaper & WEB TV

## ਇੰਟਰਨੈਸ਼ਨਲ ਸਿੱਖ ਕੌਂਸਲ ਨੇ ਦਿੱਲੀ ਗੁਰਦੁਆਰਾ ਕਮੇਟੀ ਦੇ ਸਹਿਯੋਗ ਨਾਲ

# "ਸੋ ਕਿਉ ਮੰਦਾ ਆਖੀਐ" ਸਮਾਗਮ ਕਰਵਾਇਆ



**ਨਵੀਂ ਦਿੱਲੀ, 22 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਇੰਟਰਨੈਸ਼ਨਲ ਸਿੱਖ ਕੌਂਸਲ ਵੱਲੋਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ "ਸੋ ਕਿਉ ਮੰਦਾ ਆਖੀਐ" ਕੀਰਤਨ ਸਮਾਗਮ ਗੁਰਦੁਆਰਾ ਰਕਾਬ ਗੰਜ ਸਾਹਿਬ ਦੇ ਮੁੱਖ ਹਾਲ ਵਿੱਚ ਕਰਵਾਇਆ ਗਿਆ, ਜਿਸ ਵਿੱਚ ਦਿੱਲੀ ਦੇ ਵੱਖ-ਵੱਖ ਖੇਤਰਾਂ ਤੋਂ ਔਰਤਾਂ ਆ ਕੇ ਕੀਰਤਨ ਕਰ ਰਹੀਆਂ ਹਨ। ਇਸ ਮੌਕੇ 'ਤੇ ਸੰਸਥਾ ਦੀ ਮੁਖੀ ਬੀਬੀ ਤਰਵਿੰਦਰ ਕੌਰ ਖਾਲਸਾ ਨੇ ਦੱਸਿਆ ਕਿ ਸਾਰੀਆਂ ਔਰਤਾਂ ਦੇ ਰਾਹੀਂ ਪ੍ਰਸਤਾਵ ਪਾਸ ਕਰਦਿਆਂ "ਸੋ ਕਿਉ ਮੰਦਾ ਆਖੀਐ" ਕੀਰਤਨੀ ਜੱਥਾ ਬਣਾਇਆ ਗਿਆ ਹੈ, ਜਿਸ ਵਿੱਚ ਸਾਰੀਆਂ ਔਰਤਾਂ ਮਿਲ ਕੇ ਕੀਰਤਨ ਕੀਤਾ ਕਰਨਗੀਆਂ। ਇਸ ਤਰ੍ਹਾਂ ਦੇ ਪ੍ਰੋਗਰਾਮ ਆਉਣ ਵਾਲੇ ਦਿਨਾਂ ਵਿੱਚ ਦਿੱਲੀ ਦੇ ਵੱਖ-ਵੱਖ ਖੇਤਰਾਂ ਵਿੱਚ ਕਰਵਾਏ ਜਾਣਗੇ, ਜਿਸ ਵਿੱਚ ਔਰਤਾਂ ਨੂੰ ਗੁਰਮਤ ਨਾਲ ਜੋੜਨ ਦੇ ਯਤਨ ਕੀਤੇ ਜਾਣਗੇ।ਉਸ ਨੇ ਦਿੱਲੀ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ, ਧਰਮ ਪ੍ਰਚਾਰ ਚੇਅਰਮੈਨ ਜਸਪ੍ਰੀਤ ਸਿੰਘ ਕਰਮਸਰ ਦਾ ਧੰਨਵਾਦ ਵੀ ਕੀਤਾ, ਜਿਨ੍ਹਾਂ ਦੇ ਸਹਿਯੋਗ ਨਾਲ ਇਸ ਪ੍ਰੋਗਰਾਮ ਨੂੰ ਸਫਲ ਬਣਾਇਆ ਗਿਆ। ਬੀਬੀ ਤਰਵਿੰਦਰ ਕੌਰ ਖਾਲਸਾ ਨੇ ਦੱਸਿਆ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲੋਕਾਂ ਨੂੰ ਗੁਰਮਤ, ਗੁਰੂ ਇਤਿਹਾਸ ਅਤੇ ਮਾਤ ਭਾਸ਼ਾ ਪੰਜਾਬੀ ਨਾਲ ਜੋੜਨ ਲਈ ਲਗਾਤਾਰ ਯਤਨ ਕੀਤੇ ਜਾਂਦੇ ਹਨ। ਪਿਛਲੇ ਦਿਨਾਂ ਵਿੱਚ ਦਿੱਲੀ ਸਮੇਤ ਹੋਰ ਰਾਜਾਂ ਵਿੱਚ ਪੰਜਾਬੀ ਸਿੱਖਲਾਈ ਕੈਂਪ ਲਗਾਏ ਗਏ। ਸਕੂਲੀ ਬੱਚਿਆਂ ਦੀ ਕੀਰਤਨ ਮੁਕਾਬਲਾ ਕਰਵਾਈ ਜਾਂਦੀ ਹੈ। ਬੱਚਿਆਂ ਦੇ ਕੀਰਤਨੀ ਜੱਥੇ ਅਤੇ ਢਾਢੀ ਜੱਥੇ ਤਿਆਰ ਕਰਨ ਲਈ ਮੁਹਿੰਮ ਚਲਾਈ ਜਾ ਰਹੀ ਹੈ। ਸਕੂਲੀ ਬੱਚੀਆਂ ਨੂੰ ਗਤਕੇ ਦੀ ਸਿੱਖਿਆ ਦਿੱਤੀ ਜਾਵੇਗੀ ਤਾਂ ਕਿ ਉਹ ਆਪਣੀ ਸਵੈ ਰੱਖਿਆ ਕਰ ਸਕਣ। ਇਸੇ ਤਰ੍ਹਾਂ ਦਿੱਲੀ ਦੇ ਸਾਰੇ ਵਾਰਡਾਂ ਦੇ ਸਤ੍ਰੀ ਜੱਥਿਆਂ ਦੀਆਂ ਔਰਤਾਂ ਨੂੰ ਇੱਕ ਮੰਚ 'ਤੇ ਲਿਆ ਕੇ ਕੀਰਤਨ ਸਮਾਗਮ ਕਰਵਾਉਣ ਦੇ ਯਤਨ ਕੀਤੇ ਜਾ ਰਹੇ ਹਨ। ਉਸੇ ਕੜੀ 'ਚ ਅੱਜ ਪਹਿਲਾ ਸਮਾਗਮ ਕਰਵਾਇਆ ਗਿਆ ਹੈ ਅਤੇ ਜਲਦੀ ਹੀ ਹੋਰ ਪ੍ਰੋਗਰਾਮਾਂ ਦੀ ਘੋਸ਼ਣਾ ਕੀਤੀ ਜਾਏਗੀ।

# ਚੌਂਕ ਮਹਿਤਾ ਤੋਂ ਸ੍ਰੀ ਅੰਮ੍ਰਿਤਸਰ ਸਵੇਰੇ 5 30 ਵਜੇ ਬਸ ਸ਼ੁਰੂ ਕਰਨ ਦਾ ਕੈਬਨਿਟ ਮੰਤਰੀ ਦਾ ਕੀਤਾ ਧੰਨਵਾਦ : ਲਾਡੀ ਸੂਰੋ ਪੱਡਾ



**ਚੌਂਕ ਮਹਿਤਾ, 22 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਬੜੇ ਲੰਮੇ ਸਮੇਂ ਤੋਂ ਮਹਿਤਾ ਇਲਾਕੇ ਦੀਆਂ ਸੰਗਤਾਂ ਨੂੰ ਸਵੇਰੇ ਅੰਮ੍ਰਿਤ ਵੇਲੇ ਅੰਮ੍ਰਿਤਸਰ ਜਾਣ ਲਈ ਨੂੰ ਬਹੁਤ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਸੀ ਇਸ ਮੰਗ ਪੂਰਾਂ ਕਰਦੇ ਹੋਏ ਸਾਡੇ ਬਹੁਤ ਹੀ ਸਤਿਕਾਰਯੋਗ ਕੈਬਨਿਟ ਮੰਤਰੀ ਸਰਦਾਰ ਲਾਲਜੀਤ ਸਿੰਘ ਭੁੱਲਰ ਟਰਾਂਸਪੋਰਟ ਮੰਤਰੀ ਪੰਜਾਬ ਅਤੇ ਕੈਬਨਿਟ ਮੰਤਰੀ ਸਰਦਾਰ ਹਰਭਜਨ ਸਿੰਘ ਈ ਟੀ ਓ ਬਿਜਲੀ ਅਤੇ ਲੋਕ ਨਿਰਮਾਣ ਮੰਤਰੀ ਪੰਜਾਬ ਨੂੰ ਲੋਕਾਂ ਦੀ ਇਸ ਮੰਗ ਤੋਂ ਜਾਣੂ ਕਰਵਾਇਆ ਗਿਆ ਜਿਸ ਨੂੰ ਮੰਤਰੀ ਸਾਬ ਨੇ ਪਹਿਲ ਦੇ ਆਧਾਰ ਤੇ ਤਰੁੰਤ ਐਕਸ਼ਨ ਲੈਂਦਿਆਂ ਡਾਇਰੈਕਟਰ ਚੰਡੀਗੜ੍ਹ ਅਤੇ ਜੀ ਐਮ ਅਮ੍ਰਿਤਸਰ ਨੂੰ ਬੱਸ ਸੇਵਾ ਬਹਾਲ ਕਰਨ ਦੇ ਆਦੇਸ਼ ਜਾਰੀ ਕੀਤੇ ਗਏ। ਇਸ ਬੱਸ ਸੇਵਾ ਸਵੇਰੇ 05.30 ਮਹਿਤਾ ਤੋਂ ਅਮ੍ਰਿਤਸਰ ਨੂੰ ਸ਼ੁਰੂ ਹੋ ਚੁੱਕੀ ਹੈ ਅਸੀ ਕੈਬਨਿਟ ਮੰਤਰੀ ਸਰਦਾਰ ਹਰਭਜਨ ਸਿੰਘ ਈ ਟੀ ਓ ਜੀ ਦਾ ਤਹਿਦਿਲੋਂ ਧੰਨਵਾਦ ਕਰਦੇ ਹਾਂ ਜਿੰਨ੍ਹਾਂ ਨੇ ਲੋਕਾਂ ਦੀ ਮੰਗ ਨੂੰ ਪਹਿਲ ਦੇ ਆਧਾਰ ਪੂਰਾ ਕੀਤਾ। ਅਤੇ ਇਲਾਕੇ ਦੀਆਂ ਸੰਗਤਾਂ ਨੂੰ ਬਹੁਤ ਬਹੁਤ ਮੁਬਾਰਕਾਂ। ਇਸ ਬੱਸ ਸੇਵਾ ਦੇ ਨਾਲ ਸੱਚ ਖੰਡ ਸ੍ਰੀ ਹਰਮਿੰਦਰ ਸਾਹਿਬ ਜਾਣ ਵਾਲੀਆਂ ਸੰਗਤਾਂ ਨੂੰ ਬਹੁਤ ਸਹੁਲਤ ਮਿਲੇਗੀ। ਦਾਸ ਵਲੋਂ ਕੀਤੀ ਹੋਈ ਮਿਹਨਤ ਨੂੰ ਬੂਰ ਪਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਕਾਸ਼ੀ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ ਕੀਤਾ ਵੇਰਕਾ ਮਿਲਕ ਪਲਾਂਟ ਦਾ ਉਦਯੋਗਿਕ ਦੌਰਾ




**ਤਲਵੰਡੀ ਸਾਬੋ, 22 ਅਗਸਤ (ਗੁਰਜੰਟ ਸਿੰਘ ਨਥੇਹਾ)**-ਗੁਰੂ ਕਾਸ਼ੀ ਯੂਨੀਵਰਸਿਟੀ ਦੇ ਖੇਤੀਬਾੜੀ ਵਿਭਾਗ ਦੇ ਵਿਦਿਆਰਥੀਆਂ ਨੇ ਡਾ. ਆਰ.ਪੀ.ਸਹਾਰਨ, ਡੀਨ ਦੇ ਦਿਸ਼ਾ ਨਿਰਦੇਸ਼ਾਂ ਹੇਠ ਵੇਰਕਾ ਮਿਲਕ ਪਲਾਂਟ ਦਾ ਉਦਯੋਗਿਕ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਦੱਸਿਆ ਕਿ ਅਜਿਹੇ ਉਦਯੋਗਿਕ ਅਤੇ ਵਿੱਦਿਅਕ ਦੌਰੇ 'ਵਰਸਿਟੀ ਦੇ ਸਿਲੇਬਸ ਦਾ ਹਿੱਸਾ ਹੁੰਦੇ ਹਨ। ਜਿਨ੍ਹਾਂ ਦਾ ਮਕਸਦ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਦੇ ਨਾਲ-ਨਾਲ ਉਦਯੋਗਾਂ ਦੀ ਕਾਰਜ ਪ੍ਰਣਾਲੀ, ਪ੍ਰਬੰਧਨ, ਸਪਲਾਈ ਚੇਨ, ਵੇਅਰਹਾਊਸਿੰਗ, ਬਾਜ਼ਾਰੀਕਰਨ ਆਦਿ ਸੰਬੰਧੀ ਵਿਵਹਾਰਿਕ ਜਾਣਕਾਰੀ ਦੇਣਾ ਹੁੰਦਾ ਹੈ ਤਾਂਕਿ ਵਿਦਿਆਰਥੀ ਆਪਣੀ ਪੜ੍ਹਾਈ ਦੀ ਸਮਾਪਤੀ ਤੋਂ ਬਾਅਦ ਸ੍ਵੈ-ਉਦਯੋਗ ਸਥਾਪਿਤ ਕਰ ਸਕਣ ਉਦਯੋਗਿਕ ਦੌਰੇ ਬਾਰੇ ਜਾਣਕਾਰੀ ਦਿੰਦਿਆਂ ਪ੍ਰੋਗਰਾਮ ਕੁਆਰਡੀਨੇਟਰ, ਡਾ. ਦਿਨੇਸ਼ ਕੁਮਾਰ ਨੇ ਦੱਸਿਆ ਕਿ ਇਸ ਉਦਯੋਗਿਕ ਦੌਰੇ ਵਿੱਚ ਵਿਦਿਆਰਥੀਆਂ ਨੂੰ ਵੇਰਕਾ ਪਲਾਂਟ ਵਿੱਚ ਬਣਦੇ ਉਤਪਾਦਾਂ ਦੀ ਪੈਕੇਜ਼ਿੰਗ, ਗੁਣਵੱਤਾ, ਸੰਭਾਲ, ਪਾਸ਼ਚਰਾਈਜੇਸ਼ਨ, ਹੋਮੋਜੇਨਾਈਜੇਸ਼ਨ ਆਦਿ ਪ੍ਰਕਿਰਿਆਵਾਂ ਤੋਂ ਜਾਣੂ ਕਰਵਾਇਆ ਗਿਆ। ਉਨ੍ਹਾਂ ਕਿਹਾ ਕਿ ਪਲਾਂਟ ਵੱਲੋਂ ਵਰਤੀ ਜਾ ਰਹੀ ਸਾਫ਼-ਸਫ਼ਾਈ ਅਤੇ ਆਧੁਨਿਕ ਮਸ਼ੀਨਾਂ ਨੇ ਵਿਦਿਆਰਥੀਆਂ ਦਾ ਧਿਆਨ ਵਿਸ਼ੇਸ਼ ਤੌਰ 'ਤੇ ਆਕਰਸ਼ਿਤ ਕੀਤਾ।ਉਨ੍ਹਾਂ ਦੱਸਿਆ ਕਿ ਮਿਲਕ ਪਲਾਂਟ ਦੇ ਅਧਿਕਾਰੀਆਂ ਵੱਲੋਂ ਵਿਦਿਆਰਥੀਆਂ ਨੂੰ ਦੁੱਧ ਉਤਪਾਦਨ ਵਿੱਚ ਆਉਣ ਵਾਲੀਆਂ ਸਮੱਸਿਆਵਾਂ ਤੇ ਉਨ੍ਹਾਂ ਦੇ ਸਮਾਧਾਨ ਬਾਰੇ ਜਾਣਕਾਰੀ ਦਿੱਤੀ ਗਈ। ਦੌਰੇ ਸੰਬੰਧੀ ਵਿਦਿਆਰਥੀਆਂ ਨੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਦੱਸਿਆ ਕਿ ਇਸ ਨਾਲ ਉਨ੍ਹਾਂ ਦੇ ਵਿਵਹਾਰਿਕ ਗਿਆਨ ਵਿੱਚ ਵਾਧਾ ਹੋਇਆ ਹੈ।ਉਨ੍ਹਾਂ ਇਸ ਦੌਰੇ ਨੂੰ ਗਿਆਨਵਰਧਕ ਅਤੇ ਮਨੋਰੰਜਕ ਦੱਸਿਆ। ਇੰਜ਼. ਰਜਿੰਦਰ ਸਿੰਘ, ਸਹਿ-ਕੁਆਰਡੀਨੇਟਰ ਨੇ ਦੌਰੇ ਬਾਰੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ ਕਿ ਖੇਤੀ ਉਦਯੋਗਾਂ ਦੀ ਸਥਾਪਤੀ ਵਿੱਚ ਯੋਗਦਾਨ ਦੇਣ ਦੇ ਲਈ ਅਜਿਹੇ ਦੌਰੇ ਕਾਫੀ ਸਹਾਈ ਹੁੰਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

## ਔਰਤਾਂ ਨਾਲ ਜ਼ਬਰ ਜਨਾਹ ਤੇ ਹੱਤਿਆਵਾਂ ਦੇ ਵੱਧਦੇ ਮਾਮਲੇ ਦੇਸ਼ ਦੇ ਮੱਥੇ ਤੇ ਕਲੰਕ ਦੇਸ਼ ਵਾਸੀਆਂ ਲਈ ਗਹਿਰੀ ਚਿੰਤਾ ਦਾ ਵਿਸ਼ਾ : ਬਾਬਾ ਬਿਬੇਕ ਸਿੰਘ



ਜੰਡਿਆਲਾ ਗੁਰੂ 22 ਅਗਸਤ ( ਕੁਲਵੰਤ ਸਿੰਘ ਵਿਰਦੀ) ਅੱਜ ਪ੍ਰੈਸ ਨੋਟ ਜਾਰੀ ਕਰਦਿਆਂ ਹੋਇਆਂ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਨੇ ਲਿਖਿਆ ਕਿ ਬੀਤੇ ਦਿਨ ਕਲਕੱਤਾ ਵਿਖੇ ਮਹਿਲਾ ਡਾਕਟਰ ਨਾਲ ਹੋਏ ਰੇਪ ਤੋਂ ਬਾਅਦ ਉਸ ਬੇਟੀ ਦੀ ਹੱਤਿਆ ਕਰ ਦਿੱਤੀ ਗਈ ਜੋ ਭਾਰਤ ਦੇਸ਼ ਦੇ ਮੱਥੇ ਤੇ ਕਲੰਕ ਲੱਗਣ ਦੇ ਬਰਾਬਰ ਇਸ ਨੂੰ ਅੰਜਾਮ ਦਿੱਤਾ ਗਿਆ ਹੈ ਜਿਸ ਦੀ ਘੋਰ ਸ਼ਬਦਾਂ ਵਿੱਚ ਨਿੰਦਾ ਕੀਤੀ ਜਾਂਦੀ ਹੈ ।ਅੱਗੇ ਉਨ੍ਹਾ ਕਿਹਾ ਕਿ ਦੇਸ਼ ਦੇ ਅੰਦਰ ਵੱਸਦੇ ਲੋਕਾਂ ਵੱਲੋਂ ਡਾਕਟਰ ਨੂੰ ਪਰਮਾਤਮਾ ਦਾ ਦੂਜਾ ਰੂਪ ਮੰਨਿਆ ਜਾਂਦਾ ਹੈ ਅਤੇ ਕਾਫ਼ੀ ਤਦਾਦ ਵਿੱਚ ਲੋਕ ਇਸ ਅਹੁਦੇ ਦੀ ਇਨਸਾਨੀਅਤ ਤੌਰ ਤੇ ਪੂਜਾ ਕਰਦੇ ਹਨ ਅਤੇ ਇਸ ਹੋਏ ਕਾਂਡ ਨੇ ਸਮੁੱਚੀ ਮਾਨਵਤਾ ਦਾ ਦਿਲ ਝੰਝੋੜ ਕੇ ਰੱਖ ਦਿੱਤਾ ਹੈ ਅੱਗੇ ਉਨ੍ਹਾਂ ਕਿਹਾ ਕਿ ਹੁਣ ਤੱਕ ਮੈਡੀਕਲ ਲਾਈਨ ਦੇ ਅੰਦਰ ਸਭ ਤੋਂ ਵੱਡਾ ਤੇ ਦੁਖਦਾਈ ਕਾਂਡ ਹੋਇਆ ਹੈ ਜਿਸ ਕਾਂਡ ਨੇ ਪੂਰੇ ਭਾਰਤ ਦੇਸ਼ ਦੇ ਲੋਕਾਂ ਨੂੰ ਸ਼ਰਮਸਾਰ ਕਰ ਕੇ ਰੱਖ ਦਿੱਤਾ ਹੈ ਅੱਗੇ ਉਨ੍ਹਾ ਭਾਰਤ ਸਰਕਾਰ ਨੂੰ ਅਪੀਲ ਕਰਦਿਆਂ ਹੋਇਆਂ ਕਿਹਾ ਕਿ ਪੀੜ੍ਹਤ ਡਾਕਟਰ ਬੇਟੀ ਨੂੰ ਅਤੇ ਉਸ ਦੇ ਪਰਿਵਾਰ ਨੂੰ ਇਨਸਾਫ ਮਿਲਣਾ ਚਾਹੀਦਾ ਹੈ ਅਤੇ ਇਸ ਡਾਕਟਰ ਬੇਟੀ ਨੂੰ ਇਨਸਾਫ ਦਿਵਾਉਣ ਲਈ ਭਾਰਤ ਸਰਕਾਰ ਆਪਣਾ ਰੋਲ ਅਦਾ ਕਰੇ ਅਤੇ ਅਜਿਹੀ ਘਨਾਉਣੀ ਹਰਕਤ ਕਰਨ ਵਾਲਿਆਂ ਵਿਰੁੱਧ ਸਖਤ ਤੋਂ ਸਖਤ ਧਰਾਵਾਂ ਤਹਿਤ ਮਾਮਲਾ ਦਰਜ ਕਰਵਾ ਕੇ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ ਤਾਂ ਜੋ ਆਉਣ ਵਾਲੇ ਭਵਿੱਖ ਵਿੱਚ ਐਸੀ ਘਿਨਾਉਣੀ ਹਰਕਤ ਨਾ ਵਾਪਰੇ ਅਤੇ ਭਾਰਤ ਦੇਸ਼ ਦੇ ਮੱਥੇ ਤੇ ਲੱਗੇ ਇਸ ਕਲੰਕ ਨੂੰ ਸਾਫ ਕੀਤਾ ਜਾਵੇ।

### ਦੋਹਾ ਕਤਰ ਪੁਲਿਸ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ

# ਪਾਵਨ ਸਰੂਪ ਆਪਣੇ ਕੋਲ ਰੱਖਣਾ ਵੱਡਾ ਨਿਰਾਦਰ : ਐਡਵੋਕੇਟ ਹਰਜਿੰਦਰ ਸਿੰਘ ਧਾਮੀ



**ਅੰਮ੍ਰਿਤਸਰ, 22 ਅਗਸਤ-(ਮਨਪ੍ਰੀਤ ਸਿੰਘ ਖਾਲਸਾ)-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੋਹਾ ਕਤਰ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਦੋ ਪਾਵਨ ਸਰੂਪ ਸਥਾਨਕ ਪੁਲਿਸ ਵੱਲੋਂ ਆਪਣੇ ਕੋਲ ਰੱਖਣ ਦਾ ਸਖ਼ਤ ਨੋਟਿਸ ਲੈਂਦਿਆਂ ਭਾਰਤ ਦੇ

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨੇ ਵਿਦੇਸ਼ ਮੰਤਰੀ ਤੇ ਭਾਰਤੀ ਅੰਬੈਸਡਰ ਨੂੰ ਪੱਤਰ ਲਿਖ ਕੇ ਪਾਵਨ ਸਰੂਪਾਂ ਨੂੰ ਸਤਿਕਾਰ ਸਹਿਤ ਨੇੜਲੇ ਗੁਰਦੁਆਰਾ ਸਾਹਿਬ ਵਿਖੇ ਸੁਭਾਇਮਾਨ ਕਰਵਾਉਣ ਦੀ ਕੀਤੀ ਮੰਗ**

ਵਿਦੇਸ਼ ਮੰਤਰੀ ਅਤੇ ਕਤਰ ਵਿਖੇ ਭਾਰਤੀ ਅੰਬੈਸਡਰ ਨੂੰ ਇਸ ਮਾਮਲੇ ਵਿਚ ਤੁਰੰਤ ਦਖ਼ਲ ਦੇਣ ਦੀ ਮੰਗ ਕੀਤੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਖ਼ਤ ਇਤਰਾਜ਼ ਪ੍ਰਗਟ ਕਰਦਿਆਂ ਕਿਹਾ ਕਿ ਸਿੱਖ ਕੌਮ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਤਿਕਾਰ ਸਭ ਤੋਂ ਉੱਪਰ ਹੈ ਅਤੇ ਪੁਲਿਸ ਵੱਲੋਂ ਗੁਰੂ ਸਾਹਿਬ ਦੇ ਪਾਵਨ ਸਰੂਪ ਨੂੰ ਆਪਣੇ ਕੋਲ ਰੱਖਣਾ ਵੱਡਾ ਨਿਰਾਦਰ ਹੈ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਇਹ ਮਾਮਲਾ ਬੀਤੇ ਦਿਨੀਂ ਬਰਤਾਨੀਆ ਦੀ ਸਿੱਖ ਸੰਸਥਾ ਭਾਈ ਘਨ੍ਹਈਆ ਹਿਊਮੈਨੀਟੇਰੀਅਨ ਏਡ ਵੱਲੋਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਧਿਆਨ ਵਿੱਚ ਲਿਆਂਦਾ ਗਿਆ ਸੀ, ਜਿਨ੍ਹਾਂ ਨੇ ਸ਼੍ਰੋਮਣੀ ਕਮੇਟੀ ਨੂੰ ਇਸ ਮਾਮਲੇ ਦੀ ਪੈਰਵਾਈ ਕਰਨ ਲਈ ਆਦੇਸ਼ ਜਾਰੀ ਕੀਤੇ ਸਨ।

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਹੋਏ ਆਦੇਸ਼ ਦੀ ਰੋਸ਼ਨੀ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਭਾਰਤ ਦੇ ਵਿਦੇਸ਼ ਮੰਤਰੀ ਅਤੇ ਦੋਹਾ ਕਤਰ ਵਿਖੇ ਭਾਰਤੀ ਅੰਬੈਸਡਰ ਨੂੰ ਪੱਤਰ ਵੀ ਲਿਖੇ ਗਏ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਇਸ ਮਾਮਲੇ ਸਬੰਧੀ ਭਾਈ ਘਨ੍ਹਈਆ ਹਿਊਮੈਨੀਟੇਰੀਅਨ ਏਡ ਵੱਲੋਂ ਇਹ ਧਿਆਨ ਵਿੱਚ ਲਿਆਂਦਾ ਗਿਆ ਸੀ ਕਿ ਦਸੰਬਰ 2023 ਵਿੱਚ ਕਤਰ ਦੀ ਦੋਹਾ ਪੁਲਿਸ ਵੱਲੋਂ ਇੱਕ ਸਿੱਖ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ, ਜਿਸ ਨੂੰ ਬਾਅਦ ਵਿੱਚ ਛੱਡ ਦਿੱਤਾ ਗਿਆ, ਪਰੰਤੂ ਉਸ ਪਾਸੋਂ ਪ੍ਰਾਪਤ ਕੀਤੇ ਗਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 2 ਪਾਵਨ ਸਰੂਪਾਂ ਨੂੰ ਉੱਥੋਂ ਦੇ ਪੁਲਿਸ ਪ੍ਰਸ਼ਾਸਨ ਨੇ ਥਾਣੇ ਵਿੱਚ ਹੀ ਰੱਖਿਆ ਹੋਇਆ ਹੈ, ਜੋ ਕਿ ਗੁਰੂ ਸਾਹਿਬ ਦਾ ਵੱਡਾ

ਆਵਾਜ਼ਿ ਕੌਮ AWAZE QAUM International Newspaper & WEB TV

ਨਿਰਾਦਰ ਹੈ। ਉਨ੍ਹਾਂ ਕਿਹਾ ਕਿ ਦੋਹਾ ਵਿਖੇ ਗ੍ਰਿਫ਼ਤਾਰ ਕੀਤਾ ਗਿਆ ਸਿੱਖ ਬਿਰਕਤ ਅਲ-ਅਵਾਮੇਰ ਵਿਖੇ ਆਪਣੀ ਜਾਇਦਾਦ ਵਿੱਚ ਸਥਾਪਿਤ ਕੀਤੇ ਗੁਰਦੁਆਰਾ ਸਾਹਿਬ 'ਚ ਪ੍ਰਾਈਵੇਟ (ਨਿੱਜੀ) ਰੂਪ ਵਿੱਚ ਗੁਰੂ ਸਾਹਿਬ ਦਾ ਪ੍ਰਕਾਸ਼ ਕਰਕੇ ਰੋਜ਼ਾਨਾ ਮਰਯਾਦਾ ਅਨੁਸਾਰ ਲੋਕਲ ਸਿੱਖਾਂ ਨਾਲ ਸੰਗਤ ਕਰਦਾ ਸੀ, ਪਰੰਤੂ ਕਤਰ ਸਰਕਾਰ ਦੀਆਂ ਗ਼ੈਰ-ਇਸਲਾਮੀ ਧਰਮਾਂ ਉੱਤੇ ਸਖ਼ਤ ਪਾਬੰਦੀਆਂ ਕਾਰਨ ਉਸ ਨੂੰ ਅਜਿਹਾ ਕਰਨ ਲਈ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਬਾਅਦ ਵਿੱਚ ਛੱਡ ਦਿੱਤਾ ਗਿਆ। ਇਸੇ ਦੌਰਾਨ ਉਸ ਪਾਸੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਵੀ ਪ੍ਰਾਪਤ ਕੀਤੇ ਗਏ ਸਨ ਅਤੇ ਦੋਹਾ ਦੇ ਅਲ ਵਕਾਰਾ ਪੁਲਿਸ ਥਾਣੇ ਵਿਖੇ ਰੱਖ ਦਿੱਤੇ ਗਏ ਸਨ, ਜੋ ਕਿ ਹੁਣ ਤੱਕ ਉੱਥੇ ਹੀ ਮੌਜੂਦ ਹਨ।

ਉਨ੍ਹਾਂ ਕਿਹਾ ਕਿ ਇਸ ਮਾਮਲੇ ਸਬੰਧੀ ਭਾਰਤ ਦੇ ਵਿਦੇਸ਼ ਮੰਤਰੀ ਸ੍ਰੀ ਐੱਸ. ਜੈਸ਼ੰਕਰ ਅਤੇ ਦੋਹਾ ਕਤਰ ਵਿਖੇ ਭਾਰਤ ਦੇ ਅੰਬੈਸਡਰ ਸ੍ਰੀ ਵਿਪੁਲ ਨੂੰ ਪੱਤਰ ਲਿਖ ਕਿ ਮੰਗ ਕੀਤੀ ਗਈ ਹੈ ਕਿ ਉਹ ਦੋਹਾ ਦੇ ਅਲ ਵਕਾਰਾ ਪੁਲਿਸ ਥਾਣੇ ਵਿੱਚੋਂ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪਾਂ ਨੂੰ ਅਦਬ ਅਤੇ ਸਿੱਖ ਮਰਯਾਦਾ ਅਨੁਸਾਰ ਨੇੜਲੇ ਗੁਰਦੁਆਰਾ ਸਾਹਿਬ ਵਿਖੇ ਸੁਭਾਇਮਾਨ ਕਰਵਾਉਣ ਲਈ ਤੁਰੰਤ ਕਾਰਵਾਈ ਕਰਨ।

## ਇਹ ਭਾਗ

# ਗਿਆਨੀ ਪ੍ਰੀਤਮ ਸਿੰਘ ਜੀ ਦੀ ਜੀਵਨੀ ਭਾਗ 9 ਵਿੱਚੋਂ ਹੈ



1984 ਦੀ ਨਸਲਕੁਸ਼ੀ ਕਾਰਨ ਸਿੱਖ ਕੌਮ ਵਿੱਚ ਭਾਰੀ ਦਰਦ ਸੀ। ਜਿਸ ਨਾਲ ਦੇਸ਼ ਭਰ ਵਿੱਚ ਅੰਮ੍ਰਿਤ ਸੰਚਾਰ ਦੀ ਲਹਿਰ ਸ਼ੁਰੂ ਹੋ ਗਈ ਸੀ। ਪਹਿਲਾ ਅੰਮ੍ਰਿਤ ਸੰਚਾਰ 13 ਅਪ੍ਰੈਲ 1985

ਆਵਾਜ਼ਿ ਕੌਮ AWAZE QAUM International Newspaper & WEB TV

ਨੂੰ ਵਿਸਾਖੀ ਵਾਲੇ ਦਿਨ ਹੋਇਆ ਸੀ, ਜਿਸ ਵਿਚ 350 ਪ੍ਰਾਨੀਆ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ ਸੀ। ਗੁਰਪੁਰਬ, ਗੁਰੂ ਸਾਹਿਬਾਨ ਦੇ ਸ਼ਹੀਦੀ ਪੁਰਬ, ਪਹਿਲਾ ਪ੍ਰਕਾਸ਼, ਗੁਰਗੱਦੀ ਦਿਵਸ ਗੁਰੂ ਗ੍ਰੰਥ ਸਾਹਿਬ ਜੀ ਅਤੇ ਮਾਘੀ ਪੁਰਬ ਦੀਆਂ ਸ਼ੁਭਕਾਮਨਾਵਾਂ। ਗਿਆਨੀ ਜੀ ਨੇ ਪੰਜ ਪਿਆਰਿਆਂ ਦੇ ਨਾਲ ਸਾਰੇ ਇੰਗਲੈਂਡ ਵਿੱਚ ਅੰਮ੍ਰਿਤ ਸੰਚਾਰ ਦੀ ਸੇਵਾ ਕੀਤੀ। ਕੁਝ ਮਹੱਤਵਪੂਰਨ ਸਥਾਨ ਜਿੱਥੇ ਅੰਮ੍ਰਿਤ ਸੰਚਾਰ ਹੋਇਆ, ਉਹ ਇਸ ਪ੍ਰਕਾਰ ਹਨ, ਗੁਰੂ ਨਾਨਕ ਗੁਰਦੁਆਰਾ ਸਮੈਥਵਿਕ, ਗੁਰੂ ਨਾਨਕ ਗੁਰਦੁਆਰਾ ਲੈਸਟਰ, ਗੁਰੂ ਹਰ ਰਾਏ ਗੁਰਦੁਆਰਾ ਵੈਸਟ ਬਰੋਮਵਿਚ, ਗੁਰੂ ਤੇਗ ਬਹਾਦਰ ਗੁਰਦੁਆਰਾ ਲੈਸਟਰ, ਗੁਰਦੁਆਰਾ ਨਾਨਕਸਰ ਪਲੀਕ, ਗੁਰੂ ਨਾਨਕ ਗੁਰਦੁਆਰਾ ਸੇਗਲੇ ਸਟ੍ਰੀਟ ਵੁਲਵਰਹੈਂਪਟਨ, ਗੁਰਦੁਆਰਾ ਨਾਨਕ ਪ੍ਰਕਾਸ਼ ਕੋਵੈਂਟਰੀ, ਸਿੰਘ ਸਭਾ ਸਾਊਥਾਲ 10-12 ਸਾਲਾਂ ਵਿੱਚ ਅਣਗਿਣਤ ਪ੍ਰਾਨੀਆ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਇਸ ਤੋਂ ਬਾਅਦ ਅੰਮ੍ਰਿਤ ਸੰਚਾਰ ਸੇਵਾ ਯੂਰਪ, ਜਰਮਨੀ, ਹਾਲੈਂਡ, ਇੱਕ ਵਾਰ ਬੈਲਜੀਅਮ,

**ਇੰਗਲੈਂਡ ਅਤੇ ਯੂਰਪ ਵਿੱਚ ਅੰਮ੍ਰਿਤ ਸੰਚਾਰ ਜਥੇ ਦੀ ਅਗਵਾਈ ਜਥੇਦਾਰ : ਬਲਦੇਵ ਸਿੰਘ ਕਰ ਰਹੇ ਹਨ**

ਦੋ ਵਾਰ ਫਰਾਂਸ, ਦੋ ਵਾਰ ਸਵਿਟਜ਼ਰਲੈਂਡ ਅਤੇ ਤਿੰਨ ਵਾਰ ਆਸਟਰੇਲੀਆ ਵਿੱਚ ਕਰਵਾਈ ਗਈ। 2005 ਤੱਕ ਗਿਆਨੀ ਜੀ ਨੇ ਅੰਮ੍ਰਿਤ ਸੰਚਾਰ ਸੇਵਾ ਦੀ ਅਗਵਾਈ ਕੀਤੀ ਅਤੇ ਕਥਾ ਵੀ ਕੀਤੀ। ਜਦੋਂ ਗਿਆਨੀ ਜੀ ਬੀਮਾਰ ਹੋ ਗਏ ਤਾਂ ਇਹ ਸੇਵਾ ਭਾਈ ਬਲਦੇਵ ਸਿੰਘ ਨੂੰ ਸੌਂਪੀ ਗਈ ਜੋ ਅੱਜ ਤੱਕ ਯੂਕੇ ਅਤੇ ਯੂਰਪ ਵਿੱਚ ਅੰਮ੍ਰਿਤ ਸੰਚਾਰ ਸੇਵਾ ਕਰ ਰਹੇ ਹਨ।

## ਮਾਲਟਨ ਗੁਰੂਘਰ ਦਾ ਅਣਥੱਕ ਸੇਵਾਦਾਰ

# ਬਲਵੰਤ ਸਿੰਘ ਸੋਹੀ ਵੀ ਤੁਰ ਗਿਆ



ਸ੍ਰੀ ਗੁਰੂ ਸਿੰਘ ਸਭਾ ਮਾਲਟਨ ਗੁਰਦੁਆਰਾ ਸਾਹਿਬ ਦੇ ਲੰਮਾ ਸਮਾਂ ਖਜ਼ਾਨਚੀ ਰਹੇ ਸ: ਬਲਵੰਤ ਸਿੰਘ ਸੋਹੀ ਸੰਖੇਪ ਬਿਮਾਰੀ ਨਾਲ ਬੀਤੇ ਦਿਨੀ ਮਿਸੀਸਾਗਾ ਹਸਪਤਾਲ ਵਿੱਚ ਸਦੀਵੀ ਵਿਛੋੜਾ ਦੇ ਗਏ ਹਨ, ਪਿੰਡ ਬਨਭੌਰਾ (ਸੰਗਰੂਰ)ਨਿਵਾਸੀ ਬਲਵੰਤ ਸਿੰਘ ਸੋਹੀ ਮਾਲਟਨ ਵਿੱਚ ਆਪਣੇ ਵਿਆਹੁਣਯੋਗ ਦੋ ਪੁੱਤਰਾਂ ਨਾਲ ਰਹਿ ਰਹੇ ਸਨ ਅਤੇ ਮਾਲਟਨ ਗੁਰੂਘਰ ਦੇ ਅਣਥੱਕ ਅਤੇ ਅਣਖੀ ਸੇਵਾਦਾਰ ਸਨ ਅਤੇ ਹਰ ਸਮੇਂ ਸੇਵਾ ਲਈ ਤਤਪਰ ਰਹਿੰਦੇ ਸਨ। ਵਾਹਿਗੁਰੂ ਬਲਵੰਤ ਸਿੰਘ ਸੋਹੀ ਦੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਸਦੀਵੀ ਨਿਵਾਸ ਬਖਸ਼ਣ ਅਤੇ ਸਾਰੇ ਸੋਹੀ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

**ਵੱਲੋਂ - ਜਸਵੀਰ ਸਿੰਘ ਬੋਪਾਰਾਏ**

ਆਵਾਜ਼ਿ ਕੌਮ AWAZE QAUM International Newspaper & WEB TV

# ਪੁਰਾਣੇ ਵਾਹਨਾਂ ਤੇ ਗ੍ਰੀਨ ਟੈਕਸ ਲਾਉਣ ਦਾ 'ਆਪ' ਸਰਕਾਰ ਦਾ ਫੈਸਲਾ ਗਲਤ - ਜੀਤਮਹਿੰਦਰ ਸਿੰਘ ਸਿੱਧੂ



**ਤਲਵੰਡੀ ਸਾਬੋ, 22 ਅਗਸਤ (ਗੁਰਜੰਟ ਸਿੰਘ ਨਥੇਹਾ)-** ਆਮ ਆਦਮੀ ਪਾਰਟੀ ਦੇ ਆਗੂ ਸਰਕਾਰ ਬਨਣ ਤੋਂ ਪਹਿਲਾਂ ਮਾਈਨਿੰਗ ਅਤੇ ਐਕਸਾਈਜ਼ ਪਾਲਿਸੀ ਰਾਹੀਂ ਪੰਜਾਬ ਨੂੰ ਆਰਥਿਕ ਪੱਖੋਂ ਖੁਸ਼ਹਾਲ ਸੂਬਾ ਬਣਾਉਣ ਦੇ ਦਾਅਵੇ ਕਰਦੇ ਨਹੀ ਸਨ ਥੱਕਦੇ ਪਰ ਹੁਣ ਸਰਕਾਰ ਬਨਣ ਦੇ ਢਾਈ ਸਾਲਾਂ ਦੌਰਾਨ ਜਦੋਂ ਉਨਾਂ ਦੀਆਂ ਪਾਲਿਸੀਆਂ ਫੇਲ੍ਹ ਹੋ ਗਈਆਂ ਤਾਂ ਸਰਕਾਰ ਆਮ ਲੋਕਾਂ ਦੇ ਪੁਰਾਣੇ ਵਾਹਨਾਂ ਤੇ ਟੈਕਸ ਲਗਾ ਰਹੀ ਹੈ ਜੋ ਗਲਤ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਲੋਕ ਸਭਾ ਹਲਕਾ ਬਠਿੰਡਾ ਤੋਂ ਕਾਂਗਰਸੀ ਉਮੀਦਵਾਰ ਵਜੋਂ ਚੋਣ ਲੜ ਚੁੱਕੇ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਨੇ ਲੋਕਾਂ ਦੇ ਨਿੱਜੀ ਪ੍ਰੋਗਰਾਮਾਂ 'ਚ ਸ਼ਿਰਕਤ ਉਪਰੰਤ ਗੱਲਬਾਤ ਕਰਦਿਆਂ ਕੀਤਾ। ਉਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 15 ਸਾਲ ਪੁਰਾਣੇ ਵਾਹਨਾਂ ਤੇ ਗ੍ਰੀਨ ਟੈਕਸ ਲਾਉਣ ਦਾ ਅਤੇ ਨਵੇਂ ਵਾਹਨਾਂ ਤੇ ਟੈਕਸ ਵਧਾਉਣ ਦਾ ਜੋ ਫੈਸਲਾ ਲਿਆ ਗਿਆ ਹੈ ਉਹ ਲੋਕ ਵਿਰੋਧੀ ਹੈ ਜਿਸ ਨਾਲ ਆਮ ਲੋਕਾਂ ਤੇ ਵਿੱਤੀ ਬੋਝ ਵਧੇਗਾ। ਸਿੱਧੂ ਨੇ ਕਿਹਾ ਕਿ ਇੱਕ ਪਾਸੇ ਤਾਂ ਸਰਕਾਰ ਨਿੱਤ ਦਿਨ ਕਰਜ਼ਾ ਚੁੱਕ ਰਹੀ ਹੈ ਜਿਸ ਨਾਲ ਸੂਬੇ ਦਾ ਕੁਝ ਸੰਵਾਰਿਆ ਵੀ ਨਹੀ ਜਾ ਰਿਹਾ ਅਤੇ ਦੂਜੇ ਪਾਸੇ ਹੁਣ ਨਵੇਂ ਟੈਕਸ ਲਗਾ ਕੇ ਲੋਕਾਂ ਸਿਰ ਹੀ ਬੋਝ ਪਾਇਆ ਜਾ ਰਿਹੈ ਜੋ ਨਿੰਦਣਯੋਗ ਹੈ। ਉਨਾਂ ਕਿਹਾ ਕਿ ਸਰਕਾਰ ਨੂੰ ਚਾਹੀਦੈ ਕਿ ਉਹ ਸੂਬੇ ਦੀ ਆਮਦਨ ਦੇ ਹੋਰ ਵਿਕਲਪ ਲੱਭੇ ਨਾ ਕਿ ਆਮ ਲੋਕਾਂ ਦੀਆਂ ਜੇਬਾਂ ਤੇ ਡਾਕੇ ਮਾਰੇ। ਸਿੱਧੂ ਨੇ ਇਸ ਮੌਕੇ ਤਲਵੰਡੀ ਸਾਬੋ ਅਤੇ ਬੰਗੀ ਨਿਹਾਲ ਸਿੰਘ ਦੇ ਨਾਲ ਨਾਲ ਨੇੜਲੇ ਹਲਕਿਆਂ ਦੇ ਪਿੰਡਾਂ ਚ ਵੀ ਵਰਕਰਾਂ ਅਤੇ ਆਮ ਲੋਕਾਂ ਦੇ ਨਿੱਜੀ ਪ੍ਰੋਗਰਾਮਾਂ 'ਚ ਹਾਜ਼ਰੀ ਭਰੀ ਅਤੇ ਕਈ ਥਾਈਂ ਲੋਕ ਮੁਸ਼ਿਕਲਾਂ ਵੀ ਸੁਣੀਆਂ। ਸਿੱਧੂ ਨਾਲ ਇਸ ਮੌਕੇ ਸੀ.ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਮਨਜੀਤ ਸਿੰਘ ਸ਼ਿੰਪੀ ਸਾਬਕਾ ਚੇਅਰਮੈਨ ਬਲਾਕ ਸੰਮਤੀ, ਤਰਸੇਮ ਸਿੰਘ ਲਾਲੇਆਣਾ ਸੀ.ਆਗੂ, ਮਨਜੀਤ ਸਿੰਘ ਲਾਲੇਆਣਾ ਹਲਕਾ ਪ੍ਰਧਾਨ ਜੱਟਮਹਾਂ ਸਭਾ, ਜਸਪਾਲ ਸਿੰਘ ਪਾਲਾ ਸਾਬਕਾ ਪ੍ਰਧਾਨ ਬਲਾਕ ਕਾਂਗਰਸ, ਸੁਰਜੀਤ ਸ਼ਿੰਦੀ ਜਗਾ, ਦਰਸ਼ਨ ਗਿੱਲ, ਕ੍ਰਿਸ਼ਨ ਯਾਦਵ ਆਦਿ ਆਗੂ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿੱਖ ਪੰਥ ਤੇ ਹੋ ਰਹੇ ਚੁਤਰਫ਼ੇ ਹਮਲਿਆਂ ਦੇ ਜੁਆਬ ਵਿਚ ਸਖ਼ਤ ਰਣਨੀਤੀ ਦੀ ਲੋੜ: ਪਰਮਜੀਤ ਸਿੰਘ ਵੀਰਜੀ



ਨਵੀਂ ਦਿੱਲੀ 22 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਬੀਤੇ ਕੁਝ ਸਮੇਂ ਤੋਂ ਬਿਪ੍ਰਵਾਦੀ ਤਾਕਤਾਂ ਨੇ ਸਿੱਖ ਪੰਥ ਤੇ ਹਮਲੇ ਤੇਜ ਕਰ ਦਿੱਤੇ ਹਨ ਤੇ ਇਨ੍ਹਾਂ ਨੂੰ ਜੁਆਬ ਦੇਣ ਲਈ ਸਾਡੇ ਕੋਲ ਕੋਈ ਚੰਗੀ ਰਣਨੀਤੀ ਨਹੀਂ ਹੈ । ਸਿੱਖ ਪੰਥ ਦੇ ਬੁਧੀਜੀਵੀ ਅਤੇ ਪੰਥਕ ਸੇਵਕ ਭਾਈ ਪਰਮਜੀਤ ਸਿੰਘ ਵੀਰਜੀ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਬਿਪ੍ਰਵਾਦੀ ਤਾਕਤਾਂ ਹਰ ਹੀਲੇ ਸਿੱਖ ਪੰਥ ਦੀਆਂ ਜੜਾਂ ਨੂੰ ਕਮਜ਼ੋਰ ਕਰਣ ਤੇ ਲਗਾ ਹੋਇਆ ਹੈ । ਉਨ੍ਹਾਂ ਵਲੋਂ ਕੀਤੇ ਜਾ ਰਹੇ ਹਮਲੇ ਇਤਨੇ ਸੁਖਮ ਹੁੰਦੇ ਹਨ ਕਿ ਜਦੋ ਤਕ ਅਸੀਂ ਉਨ੍ਹਾਂ ਨੂੰ ਸਮਝਣ ਦੀ ਕੋਸ਼ਿਸ਼ ਕਰਦੇ ਹਾਂ ਤਦ ਤਕ ਓਹ ਆਪਣਾ ਕੰਮ ਕਰਕੇ ਕੌਮ ਅੰਦਰ ਵਡੀ ਦੁਬਧਾ ਖੜੀ ਕਰ ਚੁੱਕੇ ਹੁੰਦੇ ਹਨ । ਕਦੇ ਬਾਣੀ ਤੇ ਪ੍ਰਹਾਰ, ਕਦੇ ਸਾਡੀ ਰਹਿਤ ਮਰਿਆਦਾ ਤੇ ਪ੍ਰਹਾਰ, ਕਦੇ ਸਾਡੇ ਹੀ ਲੋਕਾਂ ਨੂੰ ਵਰਤਦਿਆਂ ਉਨ੍ਹਾਂ ਕੋਲੋਂ ਪੰਥ ਤੇ ਪ੍ਰਹਾਰ, ਕਦੇ ਸਾਡੇ ਕਕਾਰਾਂ ਤੇ ਪ੍ਰਹਾਰ, ਕਦੇ ਤਖਤ ਸਾਹਿਬਾਨਾਂ ਤੇ ਪ੍ਰਹਾਰ ਕਰਕੇ ਓਹ ਸਾਨੂੰ ਆਪਸ ਵਿਚ ਹੀ ਉਲਝੇ ਰਹਿਣ ਦੇਂਦੇ ਹਨ । ਸਾਡੀ ਪੰਥ ਖਾਲਸਾ ਨੂੰ ਸਨਿਮਰ ਬੇਨਤੀ ਹੈ ਕਿ ਅਸੀਂ ਉਨ੍ਹਾਂ ਦੀਆਂ ਚਾਲਾਂ ਨੂੰ ਵਕਤ ਰਹਿੰਦੇ ਸਮਝਣ ਦੀ ਕੋਸ਼ਿਸ਼ ਕਰਦੇ ਹੋਏ ਇਕ ਚੰਗੀ ਰਣਨੀਤੀ ਬਣਾ ਕੇ ਉਨ੍ਹਾਂ ਨੂੰ ਮੂਹਤੋੜ ਜੁਆਬ ਦੇਣ ਦੇ ਸਮਰਥ ਬਣੀਏ ਨਹੀਂ ਤਾਂ ਓਹ ਦਿਨ ਦੂਰ ਨਹੀਂ ਜਦੋ ਉਨ੍ਹਾਂ ਵਲੋਂ ਸਾਡੇ ਹਰ ਅਸਥਾਨ ਤੇ ਕਾਬਿਜ ਹੋਕੇ ਉਨ੍ਹਾਂ ਦੀਆਂ ਪਰੰਪਰਾਵਾ ਸ਼ੁਰੂ ਹੋ ਜਾਣੀਆਂ ਹਨ । ਇਥੇ ਇਹ ਗੱਲ ਦਸਣਯੋਗ ਹੈ ਕਿ ਉਨ੍ਹਾਂ ਵਲੋਂ ਚਲੀਆਂ ਜਾਂਦੀਆਂ ਘੱਟ ਗਿਣਤੀ ਵਿਰੁੱਧ ਚਾਲਾਂ ਦੇ ਵਿਰੋਧ ਵਿਚ ਉਨ੍ਹਾਂ ਦੇ ਧਰਮ ਦੇ ਲੋਕ ਨਹੀਂ ਬੋਲਦੇ ਉਲਟਾ ਉਨ੍ਹਾਂ ਦਾ ਸਮਰਥਨ ਕਰਦੇ ਹਨ ਪਰ ਸਾਡੇ ਲੋਕ ਹਰ ਸਮੇਂ ਆਪਸ ਵਿਚ ਹੀ ਉਲਝੇ ਰਹਿੰਦੇ ਹਨ ਜਦਕਿ ਇਹ ਸਮਾਂ ਆਪਸ ਵਿਚ ਇਕੱਤਰ ਹੋਕੇ ਪੰਥ ਨੂੰ ਮਜਬੂਤ ਕਰਣ ਦਾ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV

# ਪੱਤਰਕਾਰ ਰਵਿੰਦਰ ਸਿੰਘ ਗਿੱਲ ਨੂੰ ਗਹਿਰਾ ਸਦਮਾਂ ਪਤਨੀ ਦਾ ਦਿਹਾਂਤ



**ਜੰਡਿਆਲਾ ਗੁਰੂ, 22 ਅਗਸਤ ( ਕੁਲਵੰਤ ਸਿੰਘ ਵਿਰਦੀ)-**ਅੱਜ ਜੰਡਿਆਲਾ ਗੁਰੂ ਤੋਂ ਪੱਤਰਕਾਰ ਰਵਿੰਦਰ ਸਿੰਘ ਗਿੱਲ ਪੀ ਟੀ ਮਾਸਟਰ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ ਜਦੋਂ ਕਿ ਉਨ੍ਹਾਂ ਦੀ ਧਰਮ ਪਤਨੀ ਸਰਦਾਰਨੀ ਬਲਬੀਰ ਕੌਰ ਜੀ ਲੰਬੀ ਬਿਮਾਰੀ ਨਾਲ ਜੂਝ ਦੇ ਹੋਏ ਅੱਜ ਪਰਮਾਤਮਾ ਵੱਲੋਂ ਮਿਲੀ ਸਵਾਸਾਂ ਦੀ ਪੂੰਜੀ ਨੂੰ ਪੂਰਾ ਕਰਦਿਆਂ ਹੋਇਆਂ ਆਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਇਸ ਬੇਵਕਤੀ ਮੌਤ ਨਾਲ ਗਿੱਲ ਪ੍ਰੀਵਾਰ ਨੂੰ ਗਹਿਰਾ ਸਦਮਾ ਲੱਗਾ ਅੱਜ ਉਹਨਾਂ ਦੇ ਮਿਰਤਕ ਸਰੀਰ ਦਾ ਗੁਰ ਮਰਿਯਾਦਾ ਅਨੁਸਾਰ ਅੰਤਿਮ ਸੰਸਕਾਰ ਨਜ਼ਦੀਕ ਭੱਦਰ ਕਾਲੀ ਮੰਦਿਰ ਜਾਣੀਆਂ ਰੋਡ ਸ਼ਮਸ਼ਾਨ ਘਾਟ ਜੰਡਿਆਲਾ ਗੁਰੂ ਵਿਖੇ ਕਰ ਦਿੱਤਾ ਗਿਆ ਸਰਦਾਰਨੀ ਬਲਬੀਰ ਕੌਰ ਆਪਣੇ ਪਿੱਛੇ ਇੱਕ ਪੁੱਤਰ ਤੇ 3 ਧੀਆਂ ਛੱਡ ਗਏ ਬਲਬੀਰ ਕੌਰ ਦੇ ਸੰਸਕਾਰ ਮੌਕੇ ਸ਼ਹਿਰ ਦੀਆਂ ਵੱਖ ਵੱਖ ਧਾਰਮਿਕ ਅਤੇ ਰਾਜਨੀਤਿਕ ਸ਼ਖਸ਼ੀਅਤਾਂ ਤੇ ਪੱਤਰਕਾਰ ਭਾਈਚਾਰੇ ਵੱਲੋਂ ਪੱਤਰਕਾਰ ਰਵਿੰਦਰ ਸਿੰਘ ਗਿੱਲ ਨਾਲ ਦੁੱਖ ਸਾਂਝਾ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# Nankana Sahib Yatra Committe Uk



# pakistan gurdwara yatra

**6th november to 16th november 2024 yatra includes 25+ gurudwara sahib darshan .Accommodation in hotels and travel within pakistan and yatra start to finish point in AC coaches**

ਪਾਕਿਸਤਾਨ ਵਿਖੇ ਸ਼੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ** : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223